ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 13 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੩੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਨਦੀ ’ਚ ਡੁੱਬਣ ਵਾਲੀ ਬੱਸ ’ਚ ਸਵਾਰ ਸੱਤ ਭਾਰਤੀਆਂ ਦੀ ਹੋਈ ਪਛਾਣ



**ਕਾਠਮੰਡੂ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿਚ ਸ਼ੁੱਕਰਵਾਰ ਤੜਕੇ ਢਿੱਗਾਂ ਡਿੱਗਣ ਕਾਰਨ ਦੋ ਬੱਸਾਂ ਦੇ ਨਦੀ ਵਿਚ ਵਹਿ ਜਾਣ ਕਾਰਨ 60 ਤੋਂ ਵੱਧ ਯਾਤਰੀਆਂ ਦੇ ਲਾਪਤਾ ਹੋਣ ਦੀ ਖ਼ਬਰ ਹੈ। ਇਨ੍ਹਾਂ ਯਾਤਰੀਆਂ ਵਿੱਚ ਸੱਤ ਭਾਰਤੀ ਨਾਗਰਿਕ ਵੀ ਸ਼ਾਮਲ ਦੱਸੇ ਜਾ ਰਹੇ ਹਨ। ਪੁਲਸ ਮੁਤਾਬਕ ਜ਼ਮੀਨ ਖਿਸਕਣ ’ਚ ਦੱਬੇ ਯਾਤਰੀਆਂ ’ਚ 7 ਭਾਰਤੀ ਨਾਗਰਿਕ ਸਨ, ਜਿਨ੍ਹਾਂ ’ਚੋਂ 6 ਦੀ ਪਛਾਣ ਸੰਤੋਸ਼ ਠਾਕੁਰ, ਸੁਰਿੰਦਰ ਸਾਹ, ਅਦਿਤ ਮੀਆਂ, ਸੁਨੀਲ, ਸ਼ਾਹਨਵਾਜ਼ ਆਲਮ ਅਤੇ ਅੰਸਾਰੀ ਵਜੋਂ ਹੋਈ ਹੈ। ਪੁਲਸ ਨੇ ਦੱਸਿਆ ਕਿ ਇਸ ਹਾਦਸੇ ਦਾ ਸ਼ਿਕਾਰ ਹੋਏ ਇਕ ਹੋਰ ਭਾਰਤੀ ਦੀ ਪਛਾਣ ਹੋਣੀ ਬਾਕੀ ਹੈ। ਚਿਤਵਨ ਜ਼ਿਲ੍ਹੇ ਦੇ ਸਿਮਲਟਾਲ ਇਲਾਕੇ ’ਚ ਨਰਾਇਣਘਾਟ-ਮੁਗਲਿੰਗ ਮਾਰਗ ’ਤੇ ਢਿੱਗਾਂ ਡਿੱਗਣ ਕਾਰਨ 65 ਯਾਤਰੀਆਂ ਨੂੰ ਲੈ ਕੇ ਜਾ ਰਹੀਆਂ ਦੋ ਬੱਸਾਂ ਤ੍ਰਿਸ਼ੂਲੀ ਨਦੀ ’ਚ ਰੁੜ੍ਹ ਗਈਆਂ। ਹਾਦਸੇ ਮਗਰੋਂ ਰਾਹਤ ਅਤੇ ਬਚਾਅ ਕੰਮ ਜਾਰੀ ਹੈ।

### ਦਿੱਲੀ-ਲਖਨਊ ਹਾਈਵੇਅ ’ਤੇ 3 ਫੁੱਟ ਤੱਕ ਪਾਣੀ; ਜ਼ਮੀਨ ਖਿਸਕਣ ਕਾਰਨ 4 ਹਜ਼ਾਰ ਸ਼ਰਧਾਲੂ ਫਸੇ

# ਯੂਪੀ ਦੇ 800 ਪਿੰਡ ਹੜ੍ਹਾਂ ਵਿੱਚ ਡੁੱਬੇ

**ਨਵੀਂ ਦਿੱਲੀ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰੀ ਮੀਂਹ ਕਾਰਨ ਨੇਪਾਲ-ਯੂਪੀ ਸਰਹੱਦ ਦੇ ਨੇੜੇ 7 ਜ਼ਿਲ੍ਹਿਆਂ ਵਿੱਚ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ। ਪੀਲੀਭੀਤ, ਲਖੀਮਪੁਰ ਖੇੜੀ, ਬਹਰਾਇਚ, ਸ਼ਰਾਵਸਤੀ, ਬਲਰਾਮਪੁਰ, ਸਿਧਾਰਥਨਗਰ ਅਤੇ ਮਹਾਰਾਜਗੰਜ ਦੇ ਕਰੀਬ 800 ਪਿੰਡਾਂ ਵਿੱਚ ਹੜ੍ਹ ਨਾਲ 20 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹਨ। NDRF ਅਤੇ SDRF ਦੀਆਂ ਟੀਮਾਂ ਬਚਾਅ ’ਚ ਲੱਗੀਆਂ ਹੋਈਆਂ ਹਨ। ਯੂਪੀ ਦੀਆਂ ਕਈ ਨਦੀਆਂ ’ਚ ਉਛਾਲ ਹੈ। ਦਿੱਲੀ-ਲਖਨਊ ਹਾਈਵੇ ’ਤੇ ਸ਼ਾਹਜਹਾਂਪੁਰ ’ਚ ਕਰੀਬ 2 ਤੋਂ 3 ਫੁੱਟ ਪਾਣੀ ਭਰ ਗਿਆ ਹੈ। ਇਸ ਕਾਰਨ ਹਾਈਵੇਅ ਦਾ ਇੱਕ ਹਿੱਸਾ ਬੰਦ ਹੋ ਗਿਆ ਹੈ। ਵਾਹਨਾਂ ਨੂੰ ਮੋੜ ਕੇ ਬਾਹਰ ਕੱਢਿਆ ਜਾ ਰਿਹਾ ਹੈ। ਪਾਣੀ ਨਾਲ ਭਰ ਜਾਣ ਤੋਂ ਬਾਅਦ ਮਰੀਜ਼ਾਂ ਨੂੰ ਸ਼ਾਹਜਹਾਂਪੁਰ ਦੇ ਮੈਡੀਕਲ ਕਾਲਜ ਵਿੱਚ ਭੇਜ ਦਿੱਤਾ ਗਿਆ। ਦੂਜੇ ਪਾਸੇ ਉੱਤਰਾਖੰਡ ਵਿੱਚ ਲਗਾਤਾਰ ਪੰਜ ਦਿਨਾਂ ਤੋਂ ਮੀਂਹ ਅਤੇ ਜ਼ਮੀਨ ਖਿਸਕਣ ਕਾਰਨ 200 ਸੜਕਾਂ ਬੰਦ ਹਨ। ਸਭ ਤੋਂ ਮਾੜੀ ਸਥਿਤੀ ਬਦਰੀਨਾਥ ਰੂਟ ’ਤੇ ਹੈ, ਜਿੱਥੇ 22 ਥਾਵਾਂ ’ਤੇ ਜ਼ਮੀਨ ਖਿਸਕਣ ਕਾਰਨ ਚਾਰਧਾਮ ਯਾਤਰਾ ਰੂਟ 3 ਦਿਨਾਂ ਲਈ ਬੰਦ ਹੈ। 4 ਹਜ਼ਾਰ ਸ਼ਰਧਾਲੂ ਸੜਕਾਂ ’ਤੇ ਫਸੇ ਹੋਏ ਹਨ।



**ਮੁੰਬਈ ’ਚ ਮੀਂਹ, ਇੰਡੀਗੋ ਨੇ ਕਿਹਾ- ਫਲਾਈਟਾਂ ’ਚ ਹੋ ਸਕਦੀ ਹੈ ਦੇਰੀ :** ਮੁੰਬਈ ’ਚ ਦੇਰ ਰਾਤ ਅਤੇ ਸਵੇਰੇ ਭਾਰੀ ਮੀਂਹ ਕਾਰਨ ਸੜਕਾਂ ਅਤੇ ਰੇਲ ਪਟੜੀਆਂ ’ਤੇ ਪਾਣੀ ਭਰ ਗਿਆ। ਰੇਲ ਅਤੇ ਹਵਾਈ ਸੇਵਾ ਵੀ ਪ੍ਰਭਾਵਿਤ ਹੋਈ ਹੈ। ਇੰਡੀਗੋ ਏਅਰਲਾਈਨਜ਼ ਨੇ ਵੀ ਇੱਕ ਐਡਵਾਈਜ਼ਰੀ ਜਾਰੀ ਕਰਦਿਆਂ ਕਿਹਾ ਹੈ ਕਿ ਉਡਾਣਾਂ ਦੇ ਟੇਕ-ਆਫ ਵਿੱਚ ਦੇਰੀ ਹੋ ਸਕਦੀ ਹੈ। ਉੱਤਰ ਪ੍ਰਦੇਸ਼ ਦੇ ਕਈ ਜ਼ਿਲ੍ਹਿਆਂ ਵਿੱਚ ਨਦੀਆਂ ਵਿੱਚ ਹੜ੍ਹ ਆ ਗਿਆ ਹੈ। ਸ਼ਾਹਜਹਾਂਪੁਰ ’ਚ ਬਚਾਅ ਲਈ NDRF ਨੂੰ ਤਾਇਨਾਤ ਕੀਤਾ ਗਿਆ ਹੈ। ਪੀਲੀਭੀਤ ਡੈਮ ਤੋਂ ਪਾਣੀ ਛੱਡੇ ਜਾਣ ਤੋਂ ਬਾਅਦ ਗਾਰਾ ਨਦੀ ਵਿਚ ਤੇਜ਼ੀ ਆਈ ਹੈ। ਇਸ ਕਾਰਨ ਸ਼ਾਹਜਹਾਂਪੁਰ ਦੇ 70 ਪਿੰਡ ਹੜ੍ਹ ਦੀ ਲਪੇਟ ਵਿੱਚ ਆ ਗਏ ਹਨ।

## ਮੁੰਬਈ ’ਚ ਭਾਰੀ ਮੀਂਹ, ਯੈਲੋ ਅਲਰਟ ਜਾਰੀ

ਭਾਰਤੀ ਮੌਸਮ ਵਿਭਾਗ ਨੇ ਮੁੰਬਈ ਅਤੇ ਪਾਲਘਰ ਲਈ ਯੈਲੋ ਅਲਰਟ ਜਾਰੀ ਕੀਤਾ ਹੈ। ਅੱਜ ਦਿਨ ਭਰ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਠਾਣੇ ਅਤੇ ਨਵੀਂ ਮੁੰਬਈ (ਰਾਏਗੜ੍ਹ) ਵਿੱਚ ਆਰੇਂਜ ਅਲਰਟ ਹੈ। ਮੁੰਬਈ ’ਚ ਪਿਛਲੇ ਹਫਤੇ ਤੋਂ ਭਾਰੀ ਬਾਰਿਸ਼ ਜਾਰੀ ਹੈ। ਇਸ ਕਾਰਨ ਕਈ ਨੀਵੇਂ ਇਲਾਕਿਆਂ ’ਚ ਪਾਣੀ ਭਰਨ ਅਤੇ ਟ੍ਰੈਫਿਕ ਜਾਮ ਦੇਖਣ ਨੂੰ ਮਿਲ ਰਿਹਾ ਹੈ। ਰੇਲ ਅਤੇ ਹਵਾਈ ਸੇਵਾ ਵੀ ਪ੍ਰਭਾਵਿਤ ਹੋਈ ਹੈ। ਇੰਡੀਗੋ ਏਅਰਲਾਈਨਜ਼ ਨੇ ਐਡਵਾਈਜ਼ਰੀ ਜਾਰੀ ਕਰਕੇ ਕਿਹਾ ਹੈ ਕਿ ਉਡਾਣਾਂ ’ਚ ਦੇਰੀ ਹੋ ਸਕਦੀ ਹੈ। ਯਾਤਰੀਆਂ ਨੂੰ ਆਪਣੀ ਫਲਾਈਟ ਦੀ ਸਥਿਤੀ ’ਤੇ ਲਗਾਤਾਰ ਨਜ਼ਰ ਰੱਖਣੀ ਚਾਹੀਦੀ ਹੈ। ਬਦਰੀਨਾਥ ਮਾਰਗ ’ਤੇ ਜ਼ਮੀਨ ਖਿਸਕਣ ਕਾਰਨ ਦੋਵੇਂ ਪਾਸੇ ਲੰਮਾ ਜਾਮ ਲੱਗਾ ਹੋਇਆ ਹੈ। ਸੜਕਾਂ ’ਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਦੂਰੋਂ ਹੀ ਨਜ਼ਰ ਆਉਣਗੀਆਂ। ਹਾਲਾਂਕਿ ਪ੍ਰਸ਼ਾਸਨ ਦੀਆਂ ਟੀਮਾਂ ਤੇਜ਼ੀ ਨਾਲ ਮਲਬੇ ਨੂੰ ਹਟਾ ਰਹੀਆਂ ਹਨ। ਬਦਰੀਨਾਥ ਵਿੱਚ ਇੱਕ ਦਿਨ ਪਹਿਲਾਂ ਉਪ ਚੋਣ ਲਈ ਵੋਟਿੰਗ ਹੋਈ ਸੀ। ਵੀਰਵਾਰ ਨੂੰ ਇੱਥੋਂ ਪਰਤ ਰਹੀਆਂ 36 ਪੋਲਿੰਗ ਪਾਰਟੀਆਂ ਨੂੰ ਮਲਬੇ ਤੋਂ ਪੈਦਲ ਹੀ ਬਚਾਇਆ ਗਿਆ। ਬਦਰੀਨਾਥ ਜਾਣ ਅਤੇ ਜਾਣ ਵਾਲੇ ਜ਼ਿਆਦਾਤਰ ਸ਼ਰਧਾਲੂ ਜੋਸ਼ੀਮਠ ਵਿੱਚ ਫਸੇ ਹੋਏ ਹਨ। ਇਸ ਕਾਰਨ ਪੂਰਾ ਇਲਾਕਾ ਹਾਊਸਫੁੱਲ ਹੈ। ਇੱਥੋਂ ਦੇ ਹੋਟਲਾਂ ਨੇ ਵੀ ਕਿਰਾਏ ਵਧਾ ਦਿੱਤੇ ਹਨ। ਯਾਤਰੀਆਂ ਨੇ ਦੱਸਿਆ ਕਿ ਹੋਟਲ ਵਿੱਚ ਜਿੱਥੇ ਪਹਿਲਾਂ 1 ਤੋਂ 2 ਹਜ਼ਾਰ ਰੁਪਏ ਲੈਂਦੇ ਸਨ, ਹੁਣ 4 ਤੋਂ 5 ਹਜ਼ਾਰ ਰੁਪਏ ਲੈ ਰਹੇ ਹਨ। ਰੈਸਟੋਰੈਂਟ ਮਾਲਕਾਂ ਨੇ ਵੀ ਖਾਣ-ਪੀਣ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ। ਇਸ ਸਬੰਧੀ ਸਥਾਨਕ ਪ੍ਰਸ਼ਾਸਨ ਨੂੰ ਵੀ ਸ਼ਿਕਾਇਤ ਕੀਤੀ ਗਈ ਸੀ। ਹਾਲਾਂਕਿ ਐਸਡੀਐਮ ਜੋਸ਼ੀਮਠ ਚੰਦਰਸ਼ੇਖਰ ਵਸ਼ਿਸ਼ਟ ਦਾ ਕਹਿਣਾ ਹੈ ਕਿ ਅਸੀਂ ਹੋਟਲ ਐਸੋਸੀਏਸ਼ਨ ਨਾਲ ਗੱਲ ਕੀਤੀ ਹੈ। ਉਹ ਲਗਾਤਾਰ ਐਲਾਨ ਵੀ ਕਰ ਰਹੇ ਹਨ ਤਾਂ ਜੋ ਕੋਈ ਹੋਰ ਕਿਰਾਇਆ ਨਾ ਵਸੂਲੇ। ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ। ਮੌਸਮ ਵਿਭਾਗ ਨੇ ਅੱਜ ਕੁੱਲ 17 ਰਾਜਾਂ ਵਿੱਚ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਹੈ। ਇਨ੍ਹਾਂ ਵਿੱਚ ਗੋਆ, ਮਹਾਰਾਸ਼ਟਰ, ਕਰਨਾਟਕ, ਕੇਰਲ, ਪੱਛਮੀ ਬੰਗਾਲ, ਸਿੱਕਮ, ਬਿਹਾਰ, ਅਰੁਣਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਉੱਤਰਾਖੰਡ, ਛੱਤੀਸਗੜ੍ਹ, ਉੱਤਰ ਪ੍ਰਦੇਸ਼, ਪੰਜਾਬ, ਹਰਿਆਣਾ, ਜੰਮੂ ਅਤੇ ਕਸ਼ਮੀਰ, ਮੇਘਾਲਿਆ ਅਤੇ ਹਿਮਾਚਲ ਪ੍ਰਦੇਸ਼ ਸ਼ਾਮਲ ਹਨ।

## ਸ਼ੰਭੂ ਬਾਰਡਰ ਬੰਦ ਕਰਨ ’ਤੇ ਹਰਿਆਣਾ ਸਰਕਾਰ ਨੂੰ ਸੁਪਰੀਮ ਕੋਰਟ ਦੀ ਵੀ ਫਟਕਾਰ, ਤੁਸੀਂ ਹਾਈਵੇਅ ਕਿਵੇਂ ਬੰਦ ਕਰ ਸਕਦੇ ਹੋ ?



**ਨਵੀਂ ਦਿੱਲੀ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਹਰਿਆਣਾ ਸਰਕਾਰ ਨੂੰ ਸਵਾਲ ਕੀਤਾ ਕਿ ਉਹ ਹਾਈਵੇਅ ਨੂੰ ਕਿਵੇਂ ਬੰਦ ਕਰ ਸਕਦੀ ਹੈ ? ਨਾਲ ਹੀ ਅਦਾਲਤ ਨੇ ਸੂਬਾ ਸਰਕਾਰ ਨੂੰ ਅੰਬਾਲਾ ਨੇੜੇ ਸ਼ੰਭੂ ਬਾਰਡਰ ’ਤੇ ਲਾਏ ਗਏ ਬੈਰੀਕੇਡਜ਼ ਹਟਾਉਣ ਦਾ ਨਿਰਦੇਸ਼ ਦਿੱਤਾ। ਦੱਸ ਦੇਈਏ ਕਿ ਆਪਣੀਆਂ ਵੱਖ-ਵੱਖ ਮੰਗਾਂ ਨੂੰ ਲੈ ਕੇ ਕਿਸਾਨਾਂ ਨੇ 13 ਫਰਵਰੀ ਤੋਂ ਸ਼ੰਭੂ ਬਾਰਡਰ ’ਤੇ ਡੇਰੇ ਲਾਏ ਹੋਏ ਹਨ। ਦਰਅਸਲ ਸੰਯੁਕਤ ਕਿਸਾਨ ਮੋਰਚਾ (SKM) (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਨੇ ਫ਼ਸਲਾ ਲਈ ਘੱਟੋ-ਘੱਟ ਸਮਰਥਨ ਮੁੱਲ (MSP) ਦੀ ਕਾਨੂੰਨੀ ਗਾਰੰਟੀ ਸਮੇਤ ਵੱਖ-ਵੱਖ ਮੰਗਾਂ ਦੇ ਪੱਖ ਵਿਚ ਦਿੱਲੀ ਕੂਚ ਦਾ ਐਲਾਨ ਕੀਤਾ ਸੀ, ਜਿਸ ਤੋਂ ਬਾਅਦ ਹਰਿਆਣਾ ਸਰਕਾਰ ਨੇ ਫਰਵਰੀ ਅੰਬਾਲਾ-ਨਵੀਂ ਦਿੱਲੀ ਕੌਮੀ ਹਾਈਵੇਅ ’ਤੇ ਬੈਰੀਕੇਡਜ਼ ਲਾ ਦਿੱਤੇ ਸਨ। ਜਸਟਿਸ ਸੂਰਿਆ ਕਾਂਤ ਅਤੇ ਉੱਜਲ ਭੁਈਆਂ ਦੀ ਬੈਂਚ ਨੇ ਇਹ ਟਿੱਪਣੀ ਉਦੋਂ ਕੀਤੀ ਜਦੋਂ ਹਰਿਆਣਾ ਸਰਕਾਰ ਦੇ ਵਕੀਲ ਨੇ ਕਿਹਾ ਕਿ ਸੂਬਾ, ਹਾਈ ਕੋਰਟ ਦੇ 10 ਜੁਲਾਈ ਦੇ ਹੁਕਮਾਂ ਵਿਰੁੱਧ ਅਪੀਲ ਦਾਇਰ ਕਰਨ ਦੀ ਪ੍ਰਕਿਰਿਆ ਵਿਚ ਹੈ, ਜਿਸ ’ਚ ਸੱਤ ਦਿਨਾਂ ਦੇ ਅੰਦਰ ਹਾਈਵੇਅ ਖੋਲ੍ਹਣ ਦਾ ਹੁਕਮ ਦਿੱਤਾ ਗਿਆ ਸੀ। ਜਦੋਂ ਬੈਂਚ ਨੂੰ ਵਕੀਲ ਵੱਲੋਂ ਸੁਪਰੀਮ ਕੋਰਟ ਵਿਚ ਅਪੀਲ ਦਾਇਰ ਕਰਨ ਬਾਰੇ ਸੂਚਿਤ ਕੀਤਾ ਗਿਆ ਤਾਂ ਜਸਟਿਸ ਉੱਜਲ ਨੇ ਕਿਹਾ ਕੋਈ ਸੂਬਾ ਹਾਈਵੇਅ ਨੂੰ ਕਿਵੇਂ ਰੋਕ ਸਕਦਾ ਹੈ ? ਟਰੈਫਿਕ ਨੂੰ ਕੰਟਰੋਲ ਕਰਨਾ ਉਸ ਦਾ ਫਰਜ਼ ਹੈ। ਅਸੀਂ ਕਹਿ ਰਹੇ ਹਾਂ ਇਸਨੂੰ ਖੋਲ੍ਹੋ ਅਤੇ ਕੰਟਰੋਲ ਕਰੋ। ਜੱਜਾਂ ਦੀ ਬੈਂਚ ਨੇ ਸ਼ੰਭੂ ਬਾਰਡਰ ਖੋਲਣ ਦੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦੇ ਆਦੇਸ਼ ਨੂੰ ਚੁਣੌਤੀ ਦੇਣ ਵਾਲੀ ਹਰਿਆਣਾ ਸਰਕਾਰ ਦੀ ਪਟੀਸ਼ਨ ’ਤੇ ਸੁਣਵਾਈ ਦੌਰਾਨ ਇਹ ਗੱਲ ਆਖੀ। ਦੱਸ ਦੇਈਏ ਕਿ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਨੇ ਆਪਣੇ ਹੁਕਮ ਵਿਚ ਕਿਹਾ ਸੀ ਕਿ ਜਦੋਂ ਸ਼ੰਭੂ ਵਿਚ ਸਥਿਤੀ ਸ਼ਾਂਤੀਪੂਰਨ ਹੈ ਤਾਂ ਕਿਸਾਨਾਂ ਨੂੰ ਅੱਗੇ ਵਧਣ ਤੋਂ ਰੋਕਣ ਦਾ ਕੋਈ ਮਤਲਬ ਨਹੀਂ ਹੈ। ਜੱਜਾਂ ਨੇ ਕਿਹਾ ਕਿ ਵਿਰੋਧੀ ਕਰਨਾ ਲੋਕਤੰਤਰੀ ਅਧਿਕਾਰੀ ਹੈ ਅਤੇ ਕਿਸਾਨਾਂ ਨੂੰ ਹਰਿਆਣਾ ਵਿਚ ਦਾਖ਼ਲ ਹੋਣ ਤੋਂ ਰੋਕਿਆ ਨਹੀਂ ਜਾ ਸਕਦਾ। ਸ਼ੰਭੂ ਬਾਰਡਰ ਦੇ ਕਾਰੋਬਾਰੀਆਂ ਨੇ ਕਿਸਾਨਾਂ ਦੇ ਪ੍ਰਦਰਸ਼ਨ ਦੇ ਮੱਦੇਨਜ਼ਰ ਬਾਰਡਰ ਖੋਲ੍ਹੇ ਜਾਣ ਨੂੰ ਲੈ ਕੇ ਹਾਈ ਕੋਰਟ ਦਾ ਰੁਖ਼ ਕੀਤਾ ਸੀ। ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਕਰੀਬ 400 ਕਿਸਾਨ ਅਜੇ ਵੀ ਸ਼ੰਭੂ ਬਾਰਡਰ ’ਤੇ ਡੇਰੇ ਲਾਈ ਬੈਠੇ ਹਨ।

## ਸਾਡੇ ਪਰਿਵਾਰ ਦੀ ਕਿਰਦਾਰਕੁਸ਼ੀ ਕੀਤੀ ਜਾ ਰਹੀ ਹੈ : ਅੰਮ੍ਰਿਤਪਾਲ ਸਿੰਘ ਦੇ ਪਿਤਾ ਦਾ ਦੋਸ਼





**ਅੰਮ੍ਰਿਤਸਰ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੇ ਭਰਾ ਹਰਪ੍ਰੀਤ ਸਿੰਘ ਨੂੰ ਆਈਸ ਡਰੱਗ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਪਰਿਵਾਰ ਦਾ ਬਿਆਨ ਸਾਹਮਣੇ ਆਇਆ ਹੈ। ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇਸ ਸਾਜ਼ਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰਪ੍ਰੀਤ ਕੱਲ੍ਹ ਦੁਪਹਿਰ 12 ਵਜੇ ਦੇ ਕਰੀਬ ਰਈਆ ਲਈ ਰਵਾਨਾ ਹੋਇਆ ਸੀ। ਬਾਘਾਪੁਰਾਣਾ ਵਿਚ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਇਕ ਮਾਰਚ ਕੱਢਿਆ ਜਾਣਾ ਸੀ ਜਿਸ ਵਿਚ ਹਰਪ੍ਰੀਤ ਸਿੰਘ ਨੇ ਹਿੱਸਾ ਲੈਣਾ ਸੀ, ਸ਼ਾਇਦ ਉਹ ਕਿਸੇ ਆਪਣੇ ਸੰਗੀ ਸਾਥੀ ਨੂੰ ਇੱਧਰ ਉੱਧਰ ਕਹਿਣ ਲਈ ਗਿਆ ਸੀ। ਉਨ੍ਹਾਂ ਕਿਹਾ ਕਿ ਸਾਡੇ ਪਰਿਵਾਰ ਦੀ ਕਿਰਦਾਰਕੁਸ਼ੀ ਕਰਨ ਲਈ ਇਹ ਕੁਝ ਕੀਤਾ ਜਾ ਰਿਹਾ ਹੈ। ਅੰਮ੍ਰਿਤਪਾਲ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਵਿਚ ਅੰਮ੍ਰਿਤਪਾਲ ਅਤੇ ਸਰਬਜੀਤ ਦੀ ਜਿੱਤ ਪੰਜਾਬ ਵਿਰੋਧੀ ਸ਼ਕਤੀਆਂ ਤੋਂ ਬਰਦਾਸ਼ਤ ਨਹੀਂ ਹੋ ਰਹੀ, ਇਸ ਲਈ ਕਿਸੇ ਵੀ ਤਰੀਕੇ ਨਾਲ ਉਨ੍ਹਾਂ ਨੂੰ ਬਦਨਾਮ ਕਰਕੇ ਇਹੋ ਜਿਹੇ ਹਾਲਾਤ ਪੈਦਾ ਕੀਤੇ ਜਾ ਰਹੇ ਹਨ ਕਿ ਲੋਕ ਉਨ੍ਹਾਂ ਦੇ ਖ਼ਿਲਾਫ਼ ਹੋ ਜਾਣ। ਉਨ੍ਹਾਂ ਕਿਹਾ ਕਿ ਅੰਮ੍ਰਿਤਪਾਲ ਨੂੰ ਬਦਨਾਮ ਕਰਨ ਅਤੇ ਬਾਹਰ ਨਾ ਆਉਣ ਦੇਣ ਲਈ ਹੀ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਲੋਕਾਂ ਨੂੰ ਨਸ਼ਿਆਂ ਤੋਂ ਬਚਾਉਣ ਵਾਲਿਆਂ ਵਿਰੁੱਧ ਹੀ ਨਸ਼ਿਆਂ ਦੇ ਕੇਸ ਦਰਜ ਕਰਨਾ ਨਿੰਦਣਯੋਗ ਕਾਰਵਾਈ ਹੈ। ਤਰਸੇਮ ਸਿੰਘ ਨੇ ਕਿਹਾ ਕਿ ਹੁਣ ਲੋਕ ਜਾਗਰੂਕ ਹੋ ਚੁੱਕੇ ਹਨ ਅਤੇ ਉਹ ਸਭ ਜਾਣਦੇ ਹਨ ਕਿ ਸਰਕਾਰਾਂ ਕਿਸੇ ਨੂੰ ਬਦਨਾਮ ਕਰਨ ਲਈ ਕਿਸ ਹੱਦ ਤੱਕ ਡਿੱਗ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਰਾਜਸਥਾਨ ਵਿਚ ਵੀ ਤਜਿੰਦਰ ਸਿੰਘ ਟਿੰਮਾ ਖ਼ਿਲਾਫ਼ ਦੇਸ਼ਧ੍ਰੋਹ ਦਾ ਕੇਸ ਦਰਜ ਕਰਨਾ ਸਿੱਖਾਂ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਹੈ। ਉਨ੍ਹਾਂ ਕਿਹਾ ਕਿ ਪੁਲਸ ਕਦੇ ਵੀ ਨਿਰਪੱਖਤਾ ਨਾਲ ਕੰਮ ਨਹੀਂ ਕਰਦੀ, ਉਹ ਤਾਂ ਇਹ ਵੀ ਕਹਿ ਸਕਦੀ ਹੈ ਕਿ ਹਰਪ੍ਰੀਤ ਨਜਾਇਜ਼ ਹਥਿਆਰਾਂ ਸਮੇਤ ਫੜਿਆ ਗਿਆ ਹੈ। ਸਰਕਾਰ ਡਰੱਗ ਮਾਫੀਆ ਖ਼ਿਲਾਫ ਕੰਮ ਕਰਨ ਦੀ ਬਜਾਏ ਲੋਕਾਂ ਨੂੰ ਤੰਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਚੋਣ ਪ੍ਰਚਾਰ ਦੌਰਾਨ ਵੀ ਇਹ ਕਿਹਾ ਗਿਆ ਸੀ ਕਿ ਹਰਪ੍ਰੀਤ ਨੂੰ ਪ੍ਰਚਾਰ ਕਰਨ ਤੋਂ ਰੋਕਿਆ ਜਾਵੇ ਨਹੀਂ ਤਾਂ ਉਸ ਖ਼ਿਲਾਫ਼ ਕੇਸ ਦਰਜ ਕੀਤਾ ਜਾਵੇਗਾ। ਅੱਜ ਵੀ ਅੰਮ੍ਰਿਤਪਾਲ ਨੂੰ ਵੋਟ ਪਾਉਣ ਵਾਲੇ ਲੋਕਾਂ ਨੂੰ ਧਮਕੀਆਂ ਮਿਲ ਰਹੀਆਂ ਹਨ।

## ਅੱਜ ਮਸ਼ੀਨਾਂ ’ਚੋਂ ਖੁੱਲ੍ਹੇਗੀ ਉਮੀਦਵਾਰਾਂ ਦੀ ਕਿਸਮਤ, ਜਲੰਧਰ ਵੈਸਟ ’ਚ ਕੌਣ ‘ਬੈਸਟ’

**ਜਲੰਧਰ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-10 ਜੁਲਾਈ ਨੂੰ ਜਲੰਧਰ ਵੈਸਟ ਹਲਕੇ ਵਿਚ ਹੋਈਆਂ ਜ਼ਿਮਨੀ ਚੋਣਾਂ ਦੇ ਨਤੀਜੇ ਕੱਲ੍ਹ ਆਉਣਗੇ। ਚੋਣਾਂ ਦੀ ਗਿਣਤੀ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਈ.ਵੀ.ਐੱਮ. ਮਸ਼ੀਨਾਂ ਲਾਇਲਪੁਰ ਖ਼ਾਲਸਾ ਕਾਲਜ ਫਾਰ ਵੂਮੈਨ ਵਿੱਚ ਸਖ਼ਤ ਸੁਰੱਖਿਆ ਹੇਠ ਰੱਖੀਆਂ ਗਈਆਂ ਹਨ। ਭਲਕੇ ਜਲੰਧਰ ਵੈਸਟ ਦੇ ਲੋਕ ਕੁੱਲ੍ਹ 15 ਉਮੀਦਵਾਰਾਂ ਦੀ ਕਿਸਮਤ ਦਾ ਫ਼ੈਸਲਾ ਕਰਕੇ ਨਵਾਂ ਰਿਕਾਰਡ ਕਾਇਮ ਕਰਨਗੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਗਿਣਤੀ ਕੇਂਦਰ ਵਿੱਚ ਸਾਰੇ ਪ੍ਰਬੰਧ ਕੀਤੇ ਗਏ ਹਨ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਥੇ ਬਿਜਲੀ ਜਾਣ ਦੀ ਸੂਰਤ ’ਚ ਬਦਲਵੇਂ ਪ੍ਰਬੰਧ ਵਜੋਂ ਜਨਰੇਟਰ ਦਾ ਪ੍ਰਬੰਧ ਵੀ ਕੀਤਾ ਗਿਆ। ਇਥੇ ਦੱਸ ਦੇਈਏ ਕਿ ਈ.ਵੀ.ਐੱਮਜ਼ ਦੀ ਨਿਗਰਾਨੀ ਸੀ. ਸੀ. ਟੀ. ਵੀ. ਕੈਮਰਿਆਂ ਰਾਹੀਂ ਕੀਤੀ ਜਾ ਰਹੀ ਹੈ। ਸਟਰੌਂਗ ਰੂਮਾਂ ਦੀ ਸੁਰੱਖਿਆ ਕੇਂਦਰੀ ਬਲ (ਬੀ. ਐੱਸ. ਐੱਫ਼.) ਦੇ ਹੱਥਾਂ ਵਿੱਚ ਹੈ ਜਦਕਿ ਬਾਹਰੀ ਗੇਟਾਂ ’ਤੇ ਪੰਜਾਬ ਪੁਲਸ ਤਾਇਨਾਤ ਕੀਤੀ ਗਈ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਸਵੇਰੇ 8 ਵਜੇ ਲਾਇਲਪੁਰ ਖ਼ਾਲਸਾ ਕਾਲਜ ਫਾਰ ਵੂਮੈਨ ਵਿੱਚ ਸ਼ੁਰੂ ਹੋਵੇਗੀ। ਸਟਰਾਂਗ ਰੂਮ ’ਤੇ 24 ਘੰਟੇ ਸਖ਼ਤ ਪਹਿਰਾ ਰਹੇਗਾ। ਰਾਜਸੀ ਪਾਰਟੀਆਂ ਦੇ ਪ੍ਰਤੀਨਿਧੀ ਵੀ ਈ. ਵੀ. ਐੱਮ. ਦੀ ਰਾਖੀ ਬੈਠੇ ਹਨ। ਰਾਜਸੀ ਪ੍ਰਤੀਨਿਧੀਆਂ ਦੇ ਸਾਹਮਣੇ ਇਕ ਵੱਡੀ ਸਕਰੀਨ ਲੱਗੀ ਹੋਈ ਹੈ, ਜਿਸ ’ਤੇ ਸੀ.ਸੀ.ਟੀ.ਵੀ. ਕੈਮਰਿਆਂ ਰਾਹੀ ਸਟਰਾਂਗ ਰੂਮ ਦੀ ਸਥਿਤੀ ਲਾਈਵ ਚੱਲ ਰਹੀ ਹੈ। ਜ਼ਿਕਰਯੋਗ ਹੈ ਕਿ ਜਲੰਧਰ ਪੱਛਮੀ ਵਿਧਾਨ ਸਭਾ ਦੀ ਸੀਟ ‘ਆਪ’ ਵਿਧਾਇਕ ਸ਼ੀਤਲ ਅੰਗੂਰਾਲ ਦੇ ਅਸਤੀਫ਼ਾ ਦੇਣ ਕਾਰਨ ਖ਼ਾਲੀ ਹੋਈ ਸੀ। ਅੰਗੂਰਾਲ ਲੋਕ ਸਭਾ ਚੋਣਾਂ ਸਮੇਂ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਚਲੇ ਗਏ ਸਨ। ਜਲੰਧਰ ਵੈਸਟ ਦੀ ਜ਼ਿਮਨੀ ਚੋਣ ਹੋਣ ਮਗਰੋਂ ਉਮੀਦਵਾਰਾਂ ਦੀ ਕਿਸਮਤ ਈ. ਵੀ. ਐੱਮਜ਼ ਵਿਚ ਕੈਦ ਹੋਣ ਤੋਂ ਬਾਅਦ ਹੁਣ ਜਿੱਤ-ਹਾਰ ਨੂੰ ਲੈ ਕੇ ਸਮੀਖਿਆ ਅਤੇ ਚਰਚਾਵਾਂ ਦਾ ਬਾਜ਼ਾਰ ਗਰਮ ਹੋ ਚੁੱਕਾ ਹੈ। ਚੋਣ ਲੜਨ ਵਾਲੇ ਉਮੀਦਵਾਰ ਅਤੇ ਸਿਆਸੀ ਪਾਰਟੀਆਂ ਆਪਣੇ ਸਮਰਥਕਾਂ ਤੋਂ ਇਲਾਕਾ ਵਾਈਜ਼ ਵੋਟਿੰਗ ਦੇ ਅੰਕੜੇ ਜੁਟਾਉਣ ਵਿਚ ਲੱਗ ਗਏ ਹਨ। ਕਿਸ ਬੂਥ ਤੋਂ ਕਿੰਨੀਆਂ ਵੋਟਾਂ ਮਿਲਣਗੀਆਂ, ਇਸ ਸਬੰਧੀ ਜੋੜ-ਘਟਾਓ ਸ਼ੁਰੂ ਹੋ ਚੁੱਕਾ ਹੈ।




Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ਼੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223









ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਪੰਜਾਬ ਦੀ ਜੁਆਨੀ ਅਤੇ ਕਿਸਾਨੀ ਘੋਰ ਸੰਕਟ ਵਿੱਚ- -ਕਰਨੈਲ ਸਿੰਘ ਪੀਰਮੁਹੰਮਦ

**ਚੰਡੀਗੜ੍ਹ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਕਿਸਾਨੀ ਤੇ ਨੌਜਵਾਨੀ ਦੋਨੋਂ ਹੀ ਸੰਕਟ ਵਿੱਚ ਹਨ, ਕਿਸਾਨੀ ਗਲਤ ਨੀਤੀਆਂ ਦੇ ਹੱਥੇ ਚੜ੍ਹ ਕੇ ਘਾਟੇ ਦਾ ਸੌਦਾ ਬਣ ਗਈ ਹੈ ਤੇ ਨੌਜਵਾਨੀ ਨਸ਼ਿਆਂ ਦੀ ਦਲਦਲ ਵਿੱਚ ਧਸਦੀ ਜਾ ਰਹੀ ਹੈ।ਫੋਕੀ ਬਿਆਨਬਾਜ਼ੀ ਤੋਂ ਬਿਨਾਂ ਸਰਕਾਰਾਂ ਵੱਲੋਂ ਸੰਕਟ ਨਾਲ ਨਜਿੱਠਣ ਲਈ ਕੋਈ ਪੁਖ਼ਤਾ ਕਦਮ ਨਹੀਂ ਚੁੱਕੇ ਜਾ ਰਹੇ, ਪਤਾ ਨਹੀਂ ਕੇਂਦਰ ਤੇ ਸੂਬੇ ਦੀ ਸਰਕਾਰ ਕਿਸ ਦਿਨ ਦੀ ਉਡੀਕ ਕਰ ਰਹੀਆਂ ਹਨ

ਆਵਾਜ਼ਿ ਕੌਮ AWAZE QAUM International Newspaper & WEB TV



ਇਹਨਾਂ ਵਿਚਾਰਾ ਦਾ ਪ੍ਰਗਟਾਵਾ ਅੱਜ ਇਥੇ ਸ੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਅਤੇ ਬੁਲਾਰੇ ਜਥੇਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਕੀਤਾ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਇਸ ਦੇ ਮੁੱਖ ਮੰਤਰੀ ਭਗਵੰਤ ਮਾਨ ਹੁਣ ਪੰਜਾਬ ਦੇ ਵਿਕਾਸ ਦੇ ਰਾਹ ਵਿੱਚ ਅੜਚਣ ਬਣ ਰਹੇ ਹਨ, ਜਿਸ ਕਰਕੇ ਐਨ ਐਚ ਆਈ ਨੂੰ 3,303 ਕਰੋੜ ਰੁਪਏ ਦੇ 3 ਰਾਸ਼ਟਰੀ ਰਾਜਮਾਰਗ ਅਤੇ 4 ਹੋਰ ਪ੍ਰੋਜੈਕਟ ਜਿੰਨ੍ਹਾਂ ਦੀ ਕੀਮਤ 4,942 ਕਰੋੜ ਰੁਪਏ ਹੈ, ਨੂੰ ਖਤਮ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦਾ ਕਦਮ ਚੁੱਕਣ ਲਈ ਮਜਬੂਰ ਹੋਣਾ ਪਿਆ ਹੈ।। ਇਸ ਵਿੱਚ ਐਕੁਆਇਰ ਕੀਤੀ ਜ਼ਮੀਨ ਦੇ ਕਬਜ਼ੇ ਅਤੇ ਅਵਾਰਡਾਂ ਦੀ ਘੋਸ਼ਣਾ ਵਿੱਚ ਦੇਰੀ ਲਈ ਸਿੱਧੇ ਤੌਰ 'ਤੇ ਪੰਜਾਬ ਸਰਕਾਰ ਦੀ ਲਾਪਰਵਾਹੀ ਜ਼ਿੰਮੇਵਾਰ ਹੈ। ਇਹ ਸਭ ਵਾਪਰਨ ਦੇ ਬਾਵਜੂਦ ਮੁੱਖ ਮੰਤਰੀ ਸਸਤੇ 'ਤਮਾਸ਼ਿਆਂ' ਅਤੇ ਪ੍ਰਚਾਰ-ਪ੍ਰਸਾਰ ਵਿਚ ਰੁੱਝੇ ਹੋਏ ਹਨ।

ਸ਼੍ਰੋਮਣੀ ਅਕਾਲੀ ਦਲ ਮੰਗ ਕਰਦਾ ਹੈ ਕਿ ਆਪ ਸਰਕਾਰ ਕਿਸਾਨਾਂ ਨੂੰ ਉਹਨਾਂ ਦੀਆਂ ਮੰਗਾਂ ਅਨੁਸਾਰ ਜ਼ਮੀਨ ਐਕਵਾਇਰ ਕਰਨ ਲਈ ਮੁਆਵਜ਼ਾ ਦੇ ਕੇ ਹਾਈਵੇਅ ਦੇ ਨਿਰਮਾਣ ਨਾਲ ਸਬੰਧਤ ਸਾਰੇ ਬਕਾਇਆ ਮੁੱਦਿਆਂ ਨੂੰ ਹੱਲ ਕਰੇ ਅਤੇ ਨਾਲ ਹੀ ਪ੍ਰੋਜੈਕਟ ਬਰਖਾਸਤਗੀ ਦੇ ਹੁਕਮਾਂ ਦੀ ਸਮੀਖਿਆ ਲਈ ਕੇਸ ਬਣਾ ਕੇ ਕਿਸੇ ਵੀ ਪ੍ਰੋਜੈਕਟ ਨੂੰ ਰੱਦ ਕਰਨ 'ਤੇ ਰੋਕ ਲਗਾਵੇ। ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਪੰਜਾਬ ਵਾਸੀਆ ਨੂੰ ਆਪਸੀ ਪਿਆਰ ਸਦਭਾਵਨਾ ਨਾਲ ਰਹਿਣ ਦੀ ਅਪੀਲ ਕਰਦਿਆ ਕਿਹਾ ਕਿ ਛੋਟੇ ਛੋਟੇ ਮਸਲਿਆ ਨੂੰ ਲੋਕ ਠਰੰਮੇ ਨਾਲ ਪੰਚਾਇਤੀ ਤੌਰ ਤੇ ਹੱਲ ਕਰਨ ਵੱਲ ਜਿਆਦਾ ਤਵੱਜੋ ਦੇਣ।








ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

*In loving memory of...*

27th of December 1970
21st of June 2024





SARDAR
JASBIR SINGH SANGHA JI
*...the greatest gentleman*

## SARDAR JASBIR SINGH SANGHA JI

ANTAM SANSKAAR
**MONDAY, 15TH OF JULY 2024**

11:15AM - Antim Darshan
18 Fordham Grove
Wolverhampton, WV9 5RR

1:00PM - Arrival at the Crematorium
Mercia Forest Crematorium
Broad Ln, Essington, WV11 2RJ

2:30PM - Bhog & Kirtan followed by
Guru Ji Ka Langar
Guru Nanak Sikh Gurdwara
191 Duncan St, Wolverhampton
WV2 3AJ

ਆਵਾਜ਼ਿ ਕੌਮ
AWAZE QAUM
International Newspaper & WEB TV

Watch online: watch.obitus.com
Username: vaku3339 Password: 483434

Sanskar
ASIAN FUNERALS

# ਸੰਤ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ ਸਰਪੰਚ ਹਰਜੀਤ ਸਿੰਘ ਜੀ ਦਾ

## ਅੰਤਿਮ ਸੰਸਕਾਰ 14 ਜੁਲਾਈ, ਦਿਨ ਐਤਵਾਰ ਨੂੰ ਪਿੰਡ ਰੋਡੇ ਵਿਖੇ ਕੀਤਾ ਜਾਵੇਗਾ



## ਸਵ. ਸਰਪੰਚ ਹਰਜੀਤ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਵੀਹਵੀਂ ਸਦੀ ਦੇ ਮਹਾਨ ਜਰਨੈਲ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਜੀ ਦੇ ਵੱਡੇ ਭਰਾਤਾ ਅਤੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਦੇ ਸਤਿਕਾਰਯੋਗ ਚਾਚਾ ਜੀ ਅੱਜ 11.7.2024 ਨੂੰ ਸਵੇਰੇ 8 ਵਜੇ ਆਦੇਸ਼ ਹਸਪਤਾਲ ਭੁੱਚੋ ਵਿਖੇ ਅਕਾਲ ਚਲਾਣਾ ਕਰ ਗਏ। ਸ. ਹਰਜੀਤ ਸਿੰਘ ਸੰਤਾਂ ਮਹਾਂਪੁਰਖਾਂ ਦੇ ਵੱਡੇ ਭਰਾਤਾ ਅਤੇ ਬਾਕੀ ਪੰਜ ਭਰਾਵਾਂ ਅਤੇ ਇੱਕ ਭੈਣ ਤੋਂ ਛੋਟੇ ਸਨ। ਉਨ੍ਹਾਂ ਨੇ ਸੰਤਾਂ ਵੱਲੋਂ ਆਰੰਭ ਕੀਤੇ ਸਿੱਖ ਸੰਘਰਸ਼ ਵਿੱਚ ਕਈ ਵਾਰ ਜੇਲ੍ਹ ਯਾਤਰਾ ਵੀ ਕੀਤੀ ਅਤੇ ਖਾੜਕੂ ਸੰਘਰਸ਼ ਦੇ ਬਹੁਤ ਸਾਰੇ ਨਾਮੀ ਯੋਧਿਆਂ ਨਾਲ ਉਨ੍ਹਾਂ ਦਾ ਅਥਾਹ ਪਿਆਰ ਸੀ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਮੁੱਖ ਆਗੂਆਂ ਨਾਲ ਵੀ ਉਨ੍ਹਾਂ ਦਾ ਬਹੁਤ ਸਨੇਹ ਸੀ। ਇਸ ਲਈ ਕਈ ਵੱਡੀ ਉਮਰ ਦੇ ਮਿਲਾਪੀ ਵੀ ਉਨ੍ਹਾਂ ਨੂੰ ਸਤਿਕਾਰ ਨਾਲ ਚਾਚਾ ਜੀ ਕਹਿ ਕੇ ਵੀ ਪੁਕਾਰਦੇ ਸਨ। ਉਹ ਕਈ ਵਾਰ ਪਿੰਡ ਦੇ ਸਰਪੰਚ ਰਹੇ। ਬਹੁਤ ਉੱਦਮੀ, ਨਿਤਨੇਮੀ, ਰਹਿਤ ਵਿੱਚ ਪ੍ਰਪੱਕ ਅਤੇ ਉੱਘੇ ਸਮਾਜ ਸੇਵਕ ਸਨ। ਇਸ ਲਈ ਸਿੱਖ ਸੰਘਰਸ਼ ਤੋਂ ਲੈ ਕੇ ਹਰ ਖੇਤਰ ਵਿੱਚ ਉਨ੍ਹਾਂ ਦੀ ਵੱਡੀ ਜਾਣ ਪਛਾਣ ਸੀ। ਉਨ੍ਹਾਂ ਦਾ ਅੰਤਿਮ ਸਸਕਾਰ 14 ਤਾਰੀਖ ਦਿਨ ਐਤਵਾਰ ਨੂੰ 11 ਵਜੇ ਉਨ੍ਹਾਂ ਦੇ ਨਗਰ ਪਿੰਡ ਰੋਡੇ (ਗੁਰੂਪੁਰਾ) ਜ਼ਿਲ੍ਹਾ ਮੋਗਾ ਵਿੱਚ ਕੀਤਾ ਜਾਵੇਗਾ। ਅਕਾਲ ਪੁਰਖ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ। ਪਿੱਛੇ ਪਰਿਵਾਰ ਅਤੇ ਸਮੂਹ ਸਨੇਹੀਆਂ ਸਬੰਧੀਆਂ ਨੂੰ ਭਾਣਾ ਮੰਨਣ ਦੀ ਸ਼ਕਤੀ ਬਖਸ਼ੇ।

**ਬੇਨਤੀ ਕਰਤਾ : ਭਾਈ ਜਗਤਾਰ ਸਿੰਘ (ਭਤੀਜਾ) ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਬਾਬਾ ਪਰਿਵਾਰ**

**ਇੰਟਰਨੈਸ਼ਨਲ ਪੰਥਕ ਦਲ ਅਤੇ ਅਦਾਰਾ ਆਵਾਜ਼ਿ ਕੌਮ ਵੱਲੋਂ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਹਰਜੀਤ ਸਿੰਘ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ, ਖਾਲਸਾ ਪੰਥ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।**


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਦੇ 10ਵੇਂ ਸਥਾਪਨਾ ਦਿਵਸ ਨੂੰ ਸਮਰਪਿਤ
ਸਥਾਪਨਾ ਦਿਵਸ ਸਮਾਗਮ
14 ਜੁਲਾਈ 2024
ਦਿਨ ਐਤਵਾਰ
ਸਮਾਂ:
ਸਵੇਰੇ 10 ਤੋਂ 2 ਵਜੇ ਤੱਕ
ਸਥਾਨ -
ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ
ਨਾਢਾ ਸਾਹਿਬ
ਪੰਚਕੂਲਾ (ਨੇੜੇ ਚੰਡੀਗੜ੍ਹ)
ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ
ਉਪਰੰਤ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਪੰਥਕ ਆਗੂ ਸਾਹਿਬਾਨ ਸਿੱਖ ਸੰਗਤਾਂ ਨਾਲ ਗੁਰਬਾਣੀ ਕਥਾ ਕੀਰਤਨ ਗੁਰਇਤਿਹਾਸ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ ਸਰਬੱਤ ਸੰਗਤਾਂ ਹੁੰਮ ਹੁੰਮਾ ਕੇ ਸਮੇਂ ਸਿਰ ਪੁੱਜੋ ਜੀ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਮੁਕੱਦਮੇ ਜੇਲਾਂ ਕੱਟਣ
ਸੰਘਰਸ਼ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ HSGMC
LIVE US ON
CHARDIKLA TIME TV
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 10ਵੇਂ ਸਥਾਪਨਾ ਦਿਵਸ ਨੂੰ ਸਮਰਪਿਤ
ਸਥਾਪਨਾ ਦਿਵਸ ਸਮਾਗਮ
ਮਿਤੀ 14 ਜੁਲਾਈ 2024 ਨੂੰ ਸਮਾਂ ਸਵੇਰੇ 10 ਵਜੇ ਤੋਂ ਦੁਪਹਿਰ 02 ਵਜੇ ਤੱਕ
ਗੁਰਦੁਆਰਾ ਸਾਹਿਬ ਪਾਤਸ਼ਾਹੀ ੧੦ਵੀਂ ਸ੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ
ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਰਾਗੀ ਢਾਡੀ ਪ੍ਰਚਾਰਕ ਪੰਥਕ ਆਗੂ ਸਾਹਿਬਾਨ ਸਿੱਖ ਸੰਗਤਾਂ ਨਾਲ ਗੁਰਬਾਣੀ ਕੀਰਤਨ ਗੁਰਇਤਿਹਾਸ ਗੁਰਮਤਿ ਵਿਚਾਰਾਂ ਦੀ ਸਾਂਝ ਕਰਨਗੇ
ਸਰਬੱਤ ਸੰਗਤਾਂ ਹੁੰਮ ਹੁਮਾ ਕੇ ਸਮੇਂ ਸਿਰ ਪੁੱਜੋ ਜੀ
ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ
ਬੀਬੀ ਰਵਿੰਦਰ ਕੌਰ ਅਜਰਾਣਾ ਜੂਨੀਅਰ ਮੀਤ ਪ੍ਰਧਾਨ
ਸ.ਗੁਲਾਬ ਸਿੰਘ ਮੂਨਕ ਮੀਤ ਸਕੱਤਰ
ਸ.ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਜਗਸੀਰ ਸਿੰਘ ਮਾਂਗੇਆਣਾ ਅੰਤ੍ਰਿੰਗ ਮੈਂਬਰ
ਸ.ਬਲਦੇਵ ਸਿੰਘ ਰੈਣਵਾਲੀ ਅੰਤ੍ਰਿੰਗ ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ ਅੰਤ੍ਰਿੰਗ ਮੈਂਬਰ
ਸ.ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ
ਸ.ਸੁਦਰਸ਼ਨ ਸਿੰਘ ਭਿਵਾਨੀ ਅੰਤ੍ਰਿੰਗ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ ਮੁੱਕਦਮੇ ਜੇਲਾਂ ਕੱਟਣ ਸੰਘਰਸ਼ ਕਰਨ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ
ਬੇਨਤੀ ਕਰਤਾ - ਸਕੱਤਰ ਧਰਮ ਪ੍ਰਚਾਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨ ਸਟਾਫ ਅਤੇ ਸਾਧ ਸੰਗਤ

ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ ॥

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥ ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਸਿੱਖ ਕੌਮ ਦੇ ਹੀਰੇ, ਦਲ ਖ਼ਾਲਸਾ ਦੇ ਬਾਨੀ, ਜਲਾਵਤਨੀ ਕੌਮੀ ਯੋਧੇ ਭਾਈ ਗਜਿੰਦਰ ਸਿੰਘ ਜੀ ਦੀ ਨਿੱਘੀ ਯਾਦ ਵਿੱਚ



ਆਵਾਜ਼ਿ ਕੌਮ AWAZE QAUM International Newspaper & WEB TV

13 ਅਪ੍ਰੈਲ 1975 ਨੂੰ ਉਨ੍ਹਾਂ ਦਾ ਪਹਿਲਾ ਕਾਵਿ ਸੰਗ੍ਰਹਿ 'ਪੰਜ ਤੀਰ ਹੋਰ' ਜਾਰੀ ਹੋਇਆ। ਇਸ ਦੇ ਇਲਾਵਾ ਉਹ ਰਚੇਤਾ ਸਨ:

'ਗੰਗੂ ਦੀ ਰੂਹ'
'ਵਸੀਅਤਨਾਮਾ'
'ਸੂਰਜ ਅਤੇ ਖਾਲਿਸਤਾਨ'
'ਜੰਗ ਜਾਰੀ ਹੈ'
'ਸੰਘਰਸ਼, ਸਲਾਖਾਂ ਤੇ ਸੱਜਣੀ'
ਲੇਖ ਸੰਗ੍ਰਹਿ 'ਲਕੀਰ'
'ਸਲਾਖਾਂ ਪਿੱਛੇ'
'ਸੁਪਨੇ ਤੋਂ ਸੰਘਰਸ਼ ਵੱਲ'

# ਸ਼ਰਧਾਂਜ਼ਲੀ ਸਮਾਗਮ

## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ ਵਿਖੇ 14 ਜੁਲਾਈ 2024 ਦਿਨ ਐਤਵਾਰ ਨੂੰ ਹੋਵੇਗਾ

ਦਲ ਖਾਲਸਾ ਦੇ ਮੁਖੀ ਭਾਈ ਗਜਿੰਦਰ ਸਿੰਘ ਜੋ ਕਿ ਪਿਛਲੇ ਦਿਨੀਂ 3 ਜੁਲਾਈ 2024 ਨੂੰ ਪਾਕਿਸਤਾਨ ਵਿੱਚ ਜਲਵਤਨੀ ਕੱਟਦਿਆਂ ਅਕਾਲ ਚਲਾਣਾ ਕਰ ਗਏ ਹਨ, ਉਹਨਾਂ ਦੀ ਯਾਦ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ ਵਿਖੇ 12 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 14 ਜੁਲਾਈ ਨੂੰ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਸਮੂਹ ਸੰਗਤਾਂ ਅਤੇ ਪੰਥਕ ਜਥੇਬੰਦੀਆਂ ਨੂੰ ਸਮਾਗਮ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

### === ਪ੍ਰੋਗਰਾਮ ਦਾ ਵੇਰਵਾ :===

ਆਰੰਭ ਸ੍ਰੀ ਅਖੰਡ ਪਾਠ 12-7-2024 ਦਿਨ ਸ਼ੁੱਕਰਵਾਰ ਸਵੇਰੇ 9 ਵਜੇ
ਭੋਗ ਸ੍ਰੀ ਅਖੰਡ ਪਾਠ 14-7-2024 ਦਿਨ ਐਤਵਾਰ ਸਵੇਰੇ 9:30 ਵਜੇ

ਉਪ੍ਰੰਤ 10:30 ਵਜੇ ਤੋਂ ਦੁਪਹਿਰ 13:00 ਵਜੇ ਤੱਕ ਦੀਵਾਨ ਸਜੇਗਾ, ਜਿਸ ਵਿੱਚ ਗੁਰੂ ਘਰ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ । ਗੁਰੂ ਘਰ ਦੇ ਸੇਵਾਦਾਰ, ਆਏ ਹੋਏ ਪੰਥਕ ਬੁਲਾਰੇ ਅਤੇ ਭਾਈ ਰਣਜੀਤ ਸਿੰਘ ਰਾਣਾ ਭਾਈ ਗਜਿੰਦਰ ਸਿੰਘ ਦੇ ਜੀਵਨ ਬਾਰੇ ਸਾਂਝ ਪਾਉਣਗੇ ਅਤੇ ਸ਼ਰਧਾ ਦੇ ਫੁੱਲ ਅਰਪਿਤ ਕਰਨਗੇ ।

ਸ: ਰਣਜੀਤ ਸਿੰਘ ਰਾਣਾ ਵੱਲੋਂ ਸਮਾਗਮ ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ।

SINGH SABHA GURDWARA DERBY

ਭਾਈ ਗਜਿੰਦਰ ਸਿੰਘ ਜੀ ਹਮੇਸ਼ਾਂ ਪੰਥਕ ਏਕਤਾ ਅਤੇ ਪੰਥ ਦੀ ਚੜ੍ਹਦੀ ਕਲਾ ਦਾ ਮੁਦੱਈ ਰਹੇ ਹਨ । ਉਹ ਖਾਲਸਾ ਹਲੇਮੀ ਰਾਜ ਦੀ ਸਥਾਪਤੀ ਦੇ ਨਾਲ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਣਿਤ ਪੰਥਕ ਰਹਿਤ ਮਰਯਾਦਾ ਅਤੇ ਨਾਨਕਸ਼ਾਹੀ ਕੈਲੰਡਰ ਨੂੰ ਸਰਵ-ਪ੍ਰਵਾਣਿਤ ਕਰਕੇ ਲਾਗੂ ਕਰਨ ਲਈ ਵੀ ਹਰ ਸਮੇਂ ਯਤਨਸ਼ੀਲ ਰਹੇ ਸਨ । ਉਹਨਾਂ ਦਾ ਹਰ ਕਦਮ ਤੇ ਹਰ ਸਾਹ ਪੰਥ ਦੀ ਚੜ੍ਹਦੀ ਕਲਾ ਲਈ ਸਮਰਪਿਤ ਸੀ। ਉਹਨਾਂ ਨੇ ਸੰਤ ਜਰਨੈਲ ਸਿੰਘ ਜੀ ਖਾਲਸਾ ਦੀ ਗ੍ਰਿਫ਼ਤਾਰੀ ਦੇ ਰੋਸ ਵਜੋਂ ਭਾਰਤ ਦਾ ਹਵਾਈ ਜਹਾਜ਼ ਅਗਵਾ ਕੀਤਾ ਸੀ, ਉਹ ਨਹੀਂ ਚਾਹੁੰਦੇ ਸਨ ਕਿ ਜਿਹੜਾ ਵੀ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਸਮਰਪਿਤ ਹੈ, ਉਸ ਨੂੰ ਜੇਹਲਾਂ ਵਿੱਚ ਬੰਦੀ ਬਣਾਇਆ ਜਾਵੇ । ਉਹ ਸਮੁੱਚੇ ਖ਼ਾਲਸਾ ਪੰਥ ਦੀ ਅਜ਼ਾਦੀ ਦੇ ਮੁਦੱਈ ਸਨ ।

ਉਹਨਾਂ ਦੀਆਂ ਪੰਥਕ ਸੇਵਾਵਾਂ ਦੇ ਮੱਦੇ ਨਜ਼ਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਤੇ ਮੌਜੂਦਾ ਜਥੇਦਾਰ ਸਾਹਿਬਾਨ ਨੇ ਉਹਨਾਂ ਨੂੰ ਖ਼ਾਲਸਾ ਰਾਜ ਦਾ 'ਜਲਾਵਤਨੀ ਯੋਧਾ' ਐਲਾਨ ਕੀਤਾ ਹੈ ।

ਅਸੀਂ ਜਥੇਦਾਰ ਸਾਹਿਬਾਨ ਨੂੰ ਬੇਨਤੀ ਕਰਦੇ ਹਾਂ ਕਿ ਕੇਵਲ ਸ਼ਬਦੀ ਤੌਰ ਤੇ ਅਜਿਹੇ ਪੰਥ ਦਰਦੀ ਨੂੰ ਜਲਾਵਤਨੀ ਯੋਧਾ ਐਲਾਨਣਾ ਹੀ ਕਾਫ਼ੀ ਨਹੀਂ ਹੈ, ਉਸ ਦੀਆਂ ਪੰਥਕ ਭਾਵਨਾਵਾਂ ਮੁਤਾਬਕ ਉਹਨਾਂ ਦੇ ਯਤਨਾਂ ਨੂੰ ਸਾਕਾਰ ਕਰਨ ਵੱਲ ਵੀ ਉਪਰਾਲੇ ਕਰਨੇ ਚਾਹੀਦੇ ਹਨ, ਜਿਵੇਂ ਕਿ;

* ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਥ ਪ੍ਰਵਾਣਿਤ ਮਰਯਾਦਾ ਨੂੰ ਲਾਗੂ ਕਰਨਾ ।
* ਨਾਨਕਸ਼ਾਹੀ (2003 ਵਾਲਾ ਮੂਲ) ਕੈਲੰਡਰ ਲਾਗੂ ਕਰਨਾ ।
* ਦੋ - ਤਿੰਨ ਦਹਾਕਿਆਂ ਤੋਂ ਬੰਦੀ ਸਿੰਘਾਂ ਅਤੇ ਨਵੇਂ ਬਣੇ ਐਮ ਪੀ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਰਿਹਾਈ ਲਈ ਸਾਰਥਕ ਯਤਨ ਕਰਨੇ ।
* ਖ਼ਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਬਚਨਬੱਧ ਹੋਣਾ ।

## GURDWARA SRI GURU SINGH SABHA DERBY

PRINCES STREET, DERBY, DE23 8NT. TEL: 01332 773010

ਬੇਨਤੀ ਕਰਤਾ: ਗੁਰੂ ਪੰਥ ਦੇ ਦਾਸ – ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਾਧ ਸੰਗਤ

ਪ੍ਰਧਾਨ ਭਾਈ ਰਘਬੀਰ ਸਿੰਘ / ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਪੁਰੇਵਾਲ / ਖਜ਼ਾਨਚੀ ਭਾਈ ਅਜੀਤ ਸਿੰਘ / ਭਾਈ ਮਹਿੰਦਰ ਸਿੰਘ ਚੀਮਾ ਭਾਈ ਬਹਾਦਰ ਸਿੰਘ




# ਭਾਰਤੀ ਕਿਸਾਨ ਯੂਨੀਅਨ ਪੁਆਧ ਨੇ ਨਵਦੀਪ ਜਲਵੇੜਾ ਦੀ ਰਿਹਾਈ ਲਈ ਐੱਸਐੱਸਪੀ ਦਫ਼ਤਰ ਘੇਰਨ ਦੀ ਕੀਤੀ ਹਮਾਇਤ

**ਚੰਡੀਗੜ੍ਹ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਪੁਆਧ ਦੀ ਇਕ ਅਹਿਮ ਬੈਠਕ ਪ੍ਰਧਾਨ ਤਰਲੋਚਨ ਸਿੰਘ ਭਬਾਤ ਦੀ ਅਗਵਾਈ ਹੇਠ ਕੀਤੀ ਗਈ ਜਿਸ ਵਿੱਚ ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਕਿ ਨਵਦੀਪ ਜਲਵੇੜਾ ਦੀ ਰਿਹਾਈ ਲਈ 17 ਤੇ 18 ਜੁਲਾਈ ਨੂੰ ਅੰਬਾਲਾ ਦੇ ਐਸਪੀ ਦਫ਼ਤਰ ਦਾ ਕਿਸਾਨ ਜਥੇਬੰਦੀਆਂ ਵੱਲੋਂ ਘੇਰਾਓ ਕੀਤਾ ਜਾਵੇਗਾ ਜਿਸ ਵਿੱਚ ਜ਼ੀਰਕਪੁਰ ਖੇਤਰ ਤੋਂ ਵੱਡੀ ਗਿਣਤੀ 'ਚ ਕਿਸਾਨ ਪੁੱਜਣਗੇ । ਇਸ ਸਬੰਧੀ ਕਿਸਾਨਾਂ ਨੂੰ ਇਕਜੁੱਟ ਕਰਨ ਲਈ ਪਿੰਡ-ਪਿੰਡ ਮੀਟਿੰਗਾਂ ਕੀਤੀਆਂ ਜਾਣਗੀਆਂ । ਤਰਲੋਚਨ ਸਿੰਘ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਪੁਆਧ ਵੱਲੋਂ ਮੀਟਿੰਗਾਂ ਦੌਰਾਨ ਇਲਾਕੇ ਵਿੱਚ ਵੱਧ ਤੋਂ ਵੱਧ ਰੁੱਖ ਲਾਉਣ ਲਈ ਵੀ ਲੋਕਾਂ ਨੂੰ ਪ੍ਰੇਰਿਆ ਜਾਵੇਗਾ ਤਾਂ ਜੋ ਲਗਾਤਾਰ ਗੰਧਲੇ ਹੋ ਰਹੇ ਅਬੋ-ਹਵਾ ਨੂੰ ਸਾਫ-ਸੁਥਰਾ ਕਰਨ ਵੱਲ ਕੰਮ ਕੀਤਾ ਜਾ ਸਕੇ । ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਜਥੇਬੰਦੀ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਕਿਸਾਨੀ ਕਾਰਡ ਲਗਾਤਾਰ ਸੱਤ ਮੀਟਿੰਗਾਂ ਵਿੱਚ ਹਿੱਸਾ ਲੈਣ ਵਾਲੇ ਵਿਅਕਤੀ ਦਾ ਹੀ ਬਣਾਇਆ ਜਾਵੇਗਾ ਤਾਂ ਜੋ ਕਾਰਡ ਦੀ ਦੁਰਵਰਤੋਂ ਨੂੰ ਰੋਕਿਆ ਜਾ ਸਕੇ । ਤਰਲੋਚਨ ਸਿੰਘ ਨੇ ਦੱਸਿਆ ਕਿ ਕਿਸਾਨ ਮੰਗਾਂ ਦੇ ਹੱਕ 'ਚ 13 ਫਰਵਰੀ ਤੋਂ ਸ਼ੰਭੂ, ਖਨੌਰੀ, ਡੱਬਵਾਲੀ ਅਤੇ ਰਤਨਪੁਰਾ ਰਾਜਸਥਾਨ ਵਿੱਚ ਪੱਕਾ ਮੋਰਚੇ ਤਹਿਤ ਧਰਨੇ ਦਿੱਤੇ ਜਾ ਰਹੇ ਹਨ ਕਿਉਂਕਿ ਹਰਿਆਣਾ ਦੀ ਭਾਜਪਾ ਸਰਕਾਰ ਨੇ ਕਿਸਾਨਾਂ ਨੂੰ ਆਪਣੀ ਰਾਜਧਾਨੀ ਦਿੱਲੀ ਜਾਣ ਤੋਂ ਰੋਕਣ ਲਈ ਹਰ ਹੱਥਕੰਡੇ ਵਰਤੇ, ਜ਼ਹਿਰੀਲੀ ਅੱਥਰੂ ਗੈਸ, ਇੰਜੈਕਟਰ ਮੋਰਟਾਰ, ਗੋਲੀਆਂ ਚਲਾਈਆਂ ਜਿਸ ਵਿੱਚ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਸ਼ਹੀਦ ਹੋ ਗਿਆ । ਪੰਜ ਕਿਸਾਨਾਂ ਦੀਆਂ ਅੱਖਾਂ ਚਲੀਆਂ ਗਈਆਂ, 433 ਕਿਸਾਨ ਗੰਭੀਰ ਜ਼ਖ਼ਮੀ ਹੋ ਗਏ । ਸਰਕਾਰ ਦੇ ਜ਼ੁਲਮਾਂ ਦਾ ਸਿਲਸਿਲਾ ਇੱਥੇ ਹੀ ਨਹੀਂ ਰੁਕਿਆ । ਹਰਿਆਣਾ ਪੁਲਿਸ ਨੇ ਤਿੰਨ ਕਿਸਾਨਾਂ ਅਨੀਸ਼ ਖਟਕੜ, ਨਵਦੀਪ ਜਲਵੇੜਾ, ਗੁਰਕੀਰਤ ਸਿੰਘ ਵਿਰੁੱਧ ਝੂਠੇ ਮੁਕੱਦਮੇ ਦਰਜ ਕਰਕੇ ਮਾਰਚ ਵਿੱਚ



ਗ੍ਰਿਫਤਾਰ ਕਰ ਲਿਆ ਸੀ ਜਿਨ੍ਹਾਂ ਵਿੱਚੋਂ ਦੋ ਕਿਸਾਨਾਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ ਪਰ ਨਵਦੀਪ ਸਿੰਘ ਹਾਲੇ ਤੱਕ ਛੱਡਿਆ ਨਹੀਂ ਗਿਆ । ਉਨ੍ਹਾਂ ਨੇ ਕਿਹਾ ਕਿ ਨਵਦੀਪ ਜਲਵੇੜਾ ਕਿਸਾਨ ਅੰਦੋਲਨ ਵਿੱਚ ਨੌਜਵਾਨਾਂ ਦੀ ਅਗਵਾਈ ਕਰਦਾ ਹੈ, ਇਸ ਲਈ ਹਰਿਆਣਾ ਪੁਲਿਸ ਨੇ ਜਾਣਬੁੱਝ ਕੇ ਉਸ ਨੂੰ ਨਿਸ਼ਾਨਾ ਬਣਾਇਆ ਹੈ । ਉਨ੍ਹਾਂ ਨੇ ਕਿਹਾ ਕਿ 17 ਤੇ 18 ਜੁਲਾਈ ਨੂੰ ਅੰਬਾਲਾ ਦੇ ਐਸਪੀ ਦਾ ਦਫ਼ਤਰ ਘੇਰਿਆ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ 'ਚ ਕਿਸਾਨ ਸ਼ਿਰਕਤ ਕਰਨਗੇ । ਇਸ ਮੌਕੇ ਗੁਰਵਿੰਦਰ ਸਿੰਘ, ਦੀਦਾਰ ਸਿੰਘ, ਮਨਦੀਪ ਸਿੰਘ, ਸੁਖਵਿੰਦਰ ਸਿੰਘ, ਅਮਰ ਸਿੰਘ, ਅਬਦੁੱਲ ਰਹਿਮਾਨ, ਰੁੱਤਮ ਸ਼ੇਖ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਸਥਾਨ ਦੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਕੀਤੇ ਦੇਸ਼ ਧ੍ਰੋਹ ਦੇ ਪਰਚੇ ਦੀ ਕੀਤੀ ਨਿੰਦਾ। ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ -ਬਾਬਾ ਸਤਨਾਮ ਸਿੰਘ ਵੱਲੀਆਂ





**ਫਿਰੋਜ਼ਪੁਰ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤੀਯ ਨਿਆਏ ਸੰਹਿਤਾ ਤਹਿਤ ਲਾਗੂ ਕੀਤੇ ਗਏ ਨਵੇਂ ਕਾਨੂੰਨਾਂ ਦਾ ਪਹਿਲਾ ਸ਼ਿਕਾਰ ਬਣਾਇਆ ਗਿਆ ਰਾਜਸਥਾਨ ਦੇ ਸਿੱਖ ਆਗੂ ਅਤੇ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸਰਗਰਮ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਨਵੇਂ ਕਾਨੂੰਨਾਂ ਤਹਿਤ ਨਿਸ਼ਾਨੇ 'ਤੇ ਲੈ ਕੇ ਉਨ੍ਹਾਂ ਵਿਰੁੱਧ ਦੇਸ਼ ਧ੍ਰੋਹ ਦਾ ਪਰਚਾ ਦਰਜ ਕਰਨਾ ਦੇਸ਼ ਅੰਦਰ ਸਿੱਖਾਂ ਵਿਰੁੱਧ ਚੱਲੀਆਂ ਜਾ ਰਹੀਆਂ ਸਰਕਾਰੀ ਚਾਲਾਂ ਦੀ ਤਸਵੀਰ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਪਤਰਕਾਰਾਂ ਨਾਲ ਗਲਬਾਤ ਕਰਦਿਆਂ ਕਿਹਾ ਕਿ ਟਿੰਮਾ ਵਿਰੁੱਧ ਨਵੇਂ ਕਾਨੂੰਨ ਤਹਿਤ ਦੇਸ਼ ਧ੍ਰੋਹ ਦਾ ਮੁਕੱਦਮਾ ਦਰਜ ਕਰਨਾ ਘੱਟ ਗਿਣਤੀਆਂ ਨਾਲ ਧੱਕਾ ਹੈ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਜਥੇਦਾਰ ਟਿੰਮਾ ਖਿਲਾਫ ਦਰਜ ਕੀਤਾ ਕੇਸ ਤੁਰੰਤ ਵਾਪਸ ਲੈਣ ਦੀ ਮੰਗ ਕਰਦਾ ਹੈ।

ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਫਿਰਕੂ ਲੀਹਾਂ 'ਤੇ ਵੰਡਣ ਦੀ ਕੋਸ਼ਿਸ਼ ਕਰ ਰਹੇ ਫਿਰਕੂ ਹਿੰਸਾ ਭੜਕਾਉਣ ਵਾਲਿਆਂ ਵਿਰੁੱਧ ਸਰਕਾਰ ਨੂੰ ਸਖ਼ਤੀ ਨਾਲ ਕਾਰਵਾਈ ਕਰਨੀ ਚਾਹੀਦੀ ਹੈ ਨਾ ਕਿ ਸਾਡੇ ਸਿੱਖ ਨੌਜ਼ਵਾਨਾਂ ਤੇ। ਹਾਲ ਹੀ ਦੇ ਕੁੱਝ ਸਾਲਾਂ ਵਿੱਚ ਦੇਸ਼ ਵਿੱਚ ਉੱਚ ਜ਼ਿੰਮੇਵਾਰੀ ਵਾਲੇ ਅਹੁਦਿਆਂ 'ਤੇ ਅਹਿਮ ਸ਼ਖਸੀਅਤਾਂ ਦੇ ਬਿਆਨਾਂ ਨੇ ਸਿੱਖ ਕੌਮ ਪ੍ਰਤੀ ਜ਼ਿਹਰ ਉਗਲਣ ਲਈ ਭੈੜੇ ਅਨਸਰਾਂ ਨੂੰ ਉਤਸ਼ਾਹਿਤ ਕੀਤਾ ਹੈ। ਸਰਕਾਰ ਨੂੰ ਦੇਸ਼ ਵਿੱਚ ਫ਼ਿਰਕੂ ਧਰੁਵੀਕਰਨ ਨੂੰ ਅੱਗੇ ਵਧਾਉਣ ਦੀ ਬਜਾਏ ਇਸਨੂੰ ਰੋਕਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ

# "ਰੇਖੀ ਸੈਂਟਰ ਆਫ਼ ਐਕਸੀਲੈਂਸ" ਦਾ ਉਦਘਾਟਨ





**ਤਲਵੰਡੀ ਸਾਬੋ, 12 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਜ਼ਿੰਦਗੀ ਦੀ ਅੰਨੇਵਾਹ ਭੱਜ ਦੌੜ, ਭੌਤਿਕ ਵਸਤਾਂ ਦੇ ਇਕੱਠ ਤੋਂ ਦੂਰ ਰਹਿਣ, ਮਨ ਅਤੇ ਰੂਹਾਨੀ ਖ਼ੁਸ਼ੀ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਜੂਕੇਸ਼ਨ ਵਿਖੇ "ਰੇਖੀ ਸੈਂਟਰ ਆਫ਼ ਐਕਸੀਲੈਂਸ ਫ਼ਾਰ ਦੀ ਸਾਇੰਸ ਆਫ਼ ਹੈਪੀਨੈਸ" ਦਾ ਉਦਘਾਟਨ ਮੁੱਖ ਮਹਿਮਾਨ ਪ੍ਰੋ. (ਡਾ.) ਸਾਮਦੂ ਛੇਤਰੀ, ਪ੍ਰੋ. ਅਤੇ ਡਾਇਰੈਕਟਰ ਆਫ਼ ਯੋਗਾਨੰਦਾ ਸਕੂਲ ਆਫ਼ ਸਪਿਰਚੂਐਲਿਟੀ, ਸ਼ੂਲਨੀ ਯੂਨੀਵਰਸਿਟੀ, ਹਿਮਾਚਲ ਪ੍ਰਦੇਸ਼ ਨੇ ਕੀਤਾ। ਸਮਾਰੋਹ ਦੀ ਪ੍ਰਧਾਨਗੀ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਨੇ ਕੀਤੀ। ਇਸ ਮੌਕੇ ਡਾ. ਛੇਤਰੀ ਨੇ ਰੂਹਾਨੀ ਤੇ ਸੱਚੀ ਖ਼ੁਸ਼ੀ ਦੀ ਗੱਲ ਕਰਦਿਆਂ ਕਿਹਾ ਕਿ ਭੌਤਿਕ ਵਸਤਾਂ, ਸਾਧਨ ਤੇ ਰੁਪਏ ਆਦਿ ਇਕੱਠੇ ਕਰਕੇ ਆਪਣੇ ਤੇ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੱਚੀ ਖ਼ੁਸ਼ੀ ਪ੍ਰਾਪਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸੱਚੀ ਖ਼ੁਸ਼ੀ ਹਰ ਇਨਸਾਨ ਦੇ ਅੰਦਰ ਛੁਪੀ ਹੋਈ ਹੈ ਕਿਉਂਕਿ ਹਰ ਆਦਮੀ ਵਿੱਚ ਭਗਵਾਨ ਵਿਰਾਜਮਾਨ ਹੈ ਇਸ ਲਈ ਆਪਣੇ ਅੰਦਰ ਦੇ ਭਗਵਾਨ ਨੂੰ ਜਾਨਣਾ ਅਤੇ ਦੂਜੇ ਵਿੱਚ ਭਗਵਾਨ ਦੇ ਰੂਪ ਨੂੰ ਵੇਖਣ ਨਾਲ ਹੀ ਰੂਹਾਨੀ ਖ਼ੁਸ਼ੀ ਪ੍ਰਾਪਤ ਕੀਤੀ ਜਾ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਭੌਤਿਕ ਵਸਤਾਂ ਇੱਕਠੀਆਂ ਕਰਨ ਨਾਲ ਰੂਹਾਨੀ ਖ਼ੁਸ਼ੀ ਪ੍ਰਾਪਤ ਨਹੀਂ ਕੀਤੀ ਜਾ ਸਕਦੀ- ਡਾ. ਛੇਤਰੀ**

ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਬਾਵਾ ਨੇ ਰੇਖੀ ਫਾਉਂਡੇਸ਼ਨ, ਯੂਨੀਵਰਸਿਟੀ ਪ੍ਰਬੰਧਕਾਂ, ਡਾ. ਛੇਤਰੀ ਦਾ ਧੰਨਵਾਦ ਕਰਦੇ ਹੋਏ ਅਤੇ ਸੈਂਟਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਤੀਯੋਗਿਤਾ ਦੇ ਇਸ ਯੁੱਗ ਵਿੱਚ ਹਰ ਆਦਮੀ ਤਣਾਅ ਮਹਿਸੂਸ ਕਰ ਰਿਹਾ ਹੈ ਜੋ ਉਸਦੀ ਕਾਰਗੁਜ਼ਾਰੀ ਨੂੰ ਪ੍ਰਭਾਵਿਤ ਕਰਦਾ ਹੈ, ਇਸ ਲਈ ਉੱਤਮ ਨਤੀਜੇ ਲੈਣ ਵਾਸਤੇ ਤਣਾਅ ਮੁਕਤ ਅਤੇ ਖ਼ੁਸ਼ ਰਹਿਣਾ ਜ਼ਰੂਰੀ ਹੈ। ਉਨ੍ਹਾਂ ਸਾਰਿਆਂ ਨੂੰ ਖ਼ੁਸ਼ ਰਹਿਣ ਲਈ ਸੈਂਟਰ ਵਿੱਚ ਉਪਲਬਧ ਮਸ਼ੀਨਾਂ ਅਤੇ ਆਧੁਨਿਕ ਉਪਕਰਨਾਂ ਦਾ ਲਾਹਾ ਲੈਣ ਲਈ ਵੀ ਪ੍ਰੇਰਿਤ ਕੀਤਾ। ਸਮਾਰੋਹ ਵਿੱਚ 'ਵਰਸਿਟੀ ਦੇ ਉੱਚ ਅਧਿਕਾਰੀਆਂ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕੀਤੀ, ਸੈਂਟਰ ਵਿੱਚ ਖ਼ੁਸ਼ੀ ਦੇ ਪੱਧਰ ਦੀ ਜਾਂਚ ਕਰਵਾਈ ਅਤੇ ਖ਼ੁਸ਼ ਰਹਿਣ ਦੇ ਨੁਕਤਿਆਂ ਤੇ ਗੱਲ ਬਾਤ ਕੀਤੀ। ਵਿਭਾਗ ਮੁਖੀ ਰੋਜ਼ੀ ਫਰਨਾਡੀਜ਼ ਨੇ ਦੱਸਿਆ ਕਿ ਸੈਂਟਰ ਵਿੱਚ ਤਣਾਅਗ੍ਰਸਤ ਵਿਅਕਤੀਆਂ ਦੀ ਕਾਉਂਸਲਿੰਗ ਲਈ 'ਵਰਸਿਟੀ ਵੱਲੋਂ ਮਾਹਿਰ ਮਨੋਵਿਗਿਆਨਿਕ ਕਾਉਂਸਲਰਾਂ ਦੀ ਨਿਯੁਕਤੀ ਵੀ ਕੀਤੀ ਗਈ ਹੈ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਨੂੰ ਯਾਦਾਸ਼ਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਇੰਜੀਨੀਅਰ ਗਿੱਲ ਮਹਾਨ ਸ਼ਖ਼ਸ਼ੀਅਤ ਵਜੋਂ ਸਨ : ਔਜਲਾ

**ਚੌਂਕ ਮਹਿਤਾ, 12 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੱਛਮੀ ਬੰਗਾਲ ਵਿਖੇ ਕੋਲਾ ਖਾਣ ਵਿੱਚ ਮਜ਼ਦੂਰਾਂ ਦੀ ਜਾਨ ਬਚਾਉਣ ਵਾਲੇ ਮਹਰੂਮ ਇੰਜੀਨੀਅਰ ਜਸਵੰਤ ਸਿੰਘ ਗਿੱਲ ਦੀਆਂ ਸਿੱਖਿਆ ਤੋਂ ਬਹੁਤ ਕੁਝ ਪ੍ਰਾਪਤ ਹੁੰਦਾ ਹੈ ਉਹਨਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਇਹ

ਆਵਾਜ਼ਿ ਕੌਮ AWAZE QAUM International Newspaper & WEB TV

ਵਿਚਾਰ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਅੰਮ੍ਰਿਤਸਰ ਗੁਰਜੀਤ ਸਿੰਘ ਔਜਲਾ ਵੱਲੋਂ ਉਹਨਾਂ ਦੇ ਹਸਪਤਾਲ ਮਹਾਂਵੀਰ ਹਸਪਤਾਲ ਮਹਲ ਰਾਮ ਤੀਰਥ ਰੋਡ ਵਿਖੇ ਛੋਟੀ ਜਿਹੀ ਮਿਲਣੀ ਦੌਰਾਨ ਸਾਂਝੇ ਕੀਤੇ ਗਏ ਉਹਨਾਂ ਕਿਹਾ ਕਿ ਵੈਸਟ ਬੰਗਾਲ ਵਿੱਚ ਆਪਣੀ ਜਾਨ ਜੋਖਮ ਵਿੱਚ ਪਾਉਂਦਿਆਂ ਜਿੱਥੇ ਕੋਲਾ ਖਾਨ ਵਿੱਚ ਜੋਖਮ ਵਿੱਚ ਪਈਆਂ 65 ਮਜ਼ਦੂਰਾਂ ਦੀਆਂ ਜਾਨਾਂ ਨੂੰ ਬਚਾ ਕੇ ਇੱਕ ਨਵੇਂ



ਇਤਿਹਾਸ ਦੀ ਸਿਰਜਣਾ ਇੰਜੀਨੀਅਰ ਜਸਵੰਤ ਸਿੰਘ ਗਿੱਲ ਵੱਲੋਂ ਕੀਤੀ ਗਈ ਸੀ ਅੱਜ ਲੋੜ ਹੈ ਉਨਾਂ ਦੀਆਂ ਸਿੱਖਿਆਵਾਂ ਤੋਂ ਬਹੁਤ ਕੁਝ ਸਿੱਖਣ ਦੀ ਇੰਜੀਨੀਅਰ ਗਿੱਲ ਨੂੰ ਦੇਸ਼ ਵਿਦੇਸ਼ ਵਿੱਚ ਲਿਮਕਾ ਬੁੱਕ ਆਫ ਰਿਕਾਰਡ ਸ਼੍ਰੋਮਣੀ ਗੁਰਦੁਆਰਾ ਕਮੇਟੀ ਸਿੱਖ ਅਜੈਬ ਘਰ ਅਚੀਵਮੈਂਟ ਗਨੀਜ ਬੁੱਕ ਆਫ ਧਾਰਮਿਕ ਰਾਜਨੀਤਿਕ ਸੰਸਥਾਵਾਂ ਵੱਲੋਂ ਉਹਨਾਂ ਨੂੰ ਕਈ ਉੱਚੇ ਅਵਾਰਡ ਦੇ ਕੇ ਨਿਵਾਜਿਆ ਗਿਆ ਸੀ ਉਹਨਾਂ ਦੇ ਪੈਰੋਕਾਰਾਂ ਤੇ ਅੱਜ ਉਹਨਾਂ ਦੇ ਸਪੁੱਤਰ ਡਾਕਟਰ ਐਸ ਐਸ ਗਿੱਲ ਵੀ ਧਰਮ ਸਮਾਜੀ ਕੰਮਾਂ ਵਿੱਚ ਵੱਧ ਚੜ ਕੇ ਭਾਗ ਲੈ ਰਹੇ ਹਨ ਅਤੇ ਹਰ ਉਸ ਲੋੜਵੰਦ ਵਿਅਕਤੀ ਦੀ ਜਰੂਰਤ ਨੂੰ ਪੂਰਾ ਕਰਨ ਲਈ ਪਹਿਲ ਕਦਮੀ ਕਰਦਿਆਂ ਅੱਗੇ ਵੱਧਦੇ ਹਨ ਅੱਜ ਉਹਨਾਂ ਦੇ ਪਰਿਵਾਰ ਵੱਲੋਂ ਉਹਨਾਂ ਦੀ ਯਾਦ ਨੂੰ ਮੁੜ ਤਾਜ਼ਾ ਕਰਦਿਆਂ ਵਾਤਾਵਰਨ ਦੀ ਸ਼ੁੱਧਤਾ ਲਈ 100 ਤੋਂ ਵਧੇਰੇ ਬੂਟੇ ਲਗਾ ਕੇ ਉਹਨਾਂ ਦੇ ਪਾਲਣ ਪੋਸ਼ਣ ਦੀ ਜਿੰਮੇਵਾਰੀ ਲਈ ਗਈ।

# ਪਹਿਰਾਵੇ ਤੋਂ ਬੰਦੇ ਦੇ ਰੁਤਬੇ ਨੂੰ ਜੱਜਮੈਂਟ ਨਹੀਂ ਕੀਤਾ ਜਾ ਸਕਦਾ

ਅੰਗਰੇਜ਼ੀ ਸਿਰਫ ਇੱਕ ਭਾਸ਼ਾ ਹੈ ਬੁੱਧੀਮਾਨ ਹੋਣ ਦਾ ਸਰਟੀਫਿਕੇਟ ਨੀ ਅੱਜ ਕੱਲ ਦਾ ਦੌਰ ਜਿਹੜਾ ਚੱਲ ਰਿਹਾ, ਉਹ ਹੈ ਦਿਖਾਵਿਆਂ ਦਾ ।ਸਮਾਜ ਦਾ ਮਾਹੌਲ ਹੀ ਕੁਝ ਇਸ ਤਰ੍ਹਾਂ ਦਾ ਹੋ ਗਿਆ , ਕਿ ਲੋਕ ਦਿਖਾਵਿਆਂ ਦੀ ਜ਼ਿੰਦਗੀ ਸਿਰਫ ਇਸ ਕਰਕੇ ਜਿਉਂਦੇ ਨੇ ਕਿ, ਉਹ ਵੀ ਕਿਸੇ ਤੋਂ ਘੱਟ ਨਹੀਂ । ਵਿਖਾਵਿਆਂ ਦੀ ਜ਼ਿੰਦਗੀ ਜਿਉਣ ਵਾਸਤੇ ਚਾਹੇ ਕਰਜੇ ਚ ਬਾਲ ਬਾਲ ਡੁਬਿਆ ਹੋਵੇ । ਇਹ ਵਿਖਾਵਿਆਂ ਦੀ ਜ਼ਿੰਦਗੀ ਨਿੱਜੀ ਜ਼ਿੰਦਗੀ ਵਿੱਚੋਂ ਸਾਡੇ ਬਜ਼ੁਰਗਾਂ ਦੀ ਵਿਰਾਸਤ ਖਾ ਗਈ । ਉਦਾਹਰਨ ਦੇ ਤੌਰ ਤੇ ਆਪਣੀ ਮਾਂ ਬੋਲੀ ਬੋਲਣ ਵਾਲੇ ਨੂੰ ਖਾਸ ਕਰਕੇ ਸ਼ਹਿਰੀ ਇਲਾਕਾ ਵਿੱਚ ਗਵਾਰ ਹੀ ਸਮਝਿਆ ਜਾਂਦਾ ਕਿਉਂਕਿ ਅਸੀਂ ਖੁਦ ਵੀ ਜਿੰਮੇਵਾਰ ਹਾਂ ਘਰ ਵਿੱਚ ਇੱਕ ਪਰਦੇਸੀ ਨੌਕਰ ਰੱਖਿਆ ਹੋਵੇ ਤੇ ਸਾਰਾ ਪਰਿਵਾਰ ਉਹਦੇ ਪਿੱਛੇ ਲੱਗ ਕੇ ਆਪਣੀ ਮਾਂ ਬੋਲੀ ਭੁੱਲ ਕੇ ਪਰਦੇਸੀ ਦੀ ਬੋਲੀ ਬੋਲਦਾ ਹੈ । ਖਾਸ ਕਰਕੇ ਸ਼ਾਇਰੀ ਸਕੂਲਾਂ ਦੇ ਵਿੱਚ ਇੱਕ ਟਰੈਂਡ ਚੱਲਿਆ ਹੋਇਆ ਹੈ ਕਿ ਜਾਂ ਹਿੰਦੀ ਬੋਲੋ ਜਾਂ ਫਿਰ ਅੰਗਰੇਜ਼ੀ ਬੋਲੋ । ਇਹ ਬੋਲੀ ਵਾਲਾ ਮਸਲਾ ਵੀ ਰੀਸੋ ਰੀਸੀ ਬਹੁਤੇ ਘਰਾਂ ਚ ਪਹੁੰਚ ਗਿਆ । ਪਰ ਇੱਥੇ ਇਹ ਗੱਲ ਸਮਝਣ ਵਾਲੀ ਹੈ ਕਿ ਇਹ ਮਾਂ ਬੋਲੀ ਹੀ ਸਾਡੀ ਪਹਿਚਾਣ ਹੈ । ਸਾਦਗੀ ਪਹਿਰਾਵੇ ਚ ਆਪਣੀ ਮਾਂ ਬੋਲੀ ਬੋਲਣ ਵਾਲੇ ਬੰਦੇ ਨੂੰ ਜਨਤਾ ਦਿੱਖ ਤੋਂ ਕਮਲਾ ਹੀ ਸਮਝਦੀ ਆ । ਸਾਰੀਆਂ ਬੋਲੀਆਂ ਦਾ ਸਤਿਕਾਰ ਹੈ ।ਆਪਣੀ ਜਗ੍ਹਾ ਸਾਰੀਆਂ ਦੀ ਅਹਿਮੀਅਤ ਹੈ । ਪਰ ਆਪਣੀ ਛੱਡ ਕੇ ਦੂਜੇ ਦੀ ਬੋਲਣਾ ਇਸ ਗੱਲ ਦੀ ਤਕਲੀਫ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ (ਲੜਕੇ) ਵਲੋਂ ਲਗਾਏ 400 ਨਵੇਂ ਗਮਲੇ ਅਤੇ ਬੂਟੇ



**ਚੌਂਕ ਮਹਿਤਾ, 12 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗਲੋਬਲ ਵਾਰਮਿੰਗ ਦੇ ਵਾਤਾਵਰਣ ਤੇ ਪੈ ਰਹੇ ਮਾੜੇ ਪ੍ਰਭਾਵ ਨੂੰ ਘਟਾਉਣ ਲਈ ਵਿਭਾਗੀ ਨਿਰਦੇਸ਼ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ ਲੜਕੇ ਦੇ ਪ੍ਰਿੰਸੀਪਲ ਸਮੂਹ ਸਟਾਫ ਅਤੇ ਵਿਦਿਆਰਥੀਆ ਵਲੋ ਮਨਯੋਗ ਜਿਲਾ ਸਿੱਖਿਆ ਅਫਸਰ ਸੈਕੰਡਰੀ ਸ੍ਰੀ ਰਾਜੇਸ਼ ਕੁਮਾਰ ਜੀ ਦੀ ਯੋਗ ਅਗਵਾਈ ਹੇਠ ਇਕ ਨਿਵੇਕਲੀ ਪਹਿਲ ਅਧੀਨ ਸਕੂਲ ਕੈਂਪਸ ਵਿੱਚ ਇੱਕ ਲੱਖ ਰੁਪਏ ਦੀ ਕੀਮਤ ਦੇ 400 ਨਵੇਂ ਗਮਲੇ ਅਤੇ ਸਜਾਵਟੀ ਬੂਟੇ ਲਗਾਏ ਗਏ ਜਿਸਦਾ ਸਾਰਾ ਖਰਚਾ ਪ੍ਰਿੰਸੀਪਲ ਸਟਾਫ ਮੈਂਬਰਾਂ ਅਤੇ ਵਿਦਿਆਰਥੀਆ ਵਲੋ ਕੀਤਾ ਗਿਆ ਪ੍ਰਿੰਸੀਪਲ ਮੋਨਿਕਾ ਜੀ ਵਲੋ ਸਭ ਤੋਂ ਪਹਿਲਾ ਆਪ ਬੂਟੇ ਲਗਾ ਕੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਜਿਸ ਤੋਂ ਬਾਅਦ ਪ੍ਰਿੰਸਿਪਲ ਮੈਡਮ ਤੋ ਪ੍ਰਭਾਵਿਤ ਹੋ ਕੇ ਸਕੂਲ ਸਟਾਫ ਮੈਂਬਰਾਂ ਅਤੇ ਵਿਦਿਆਰਥੀਆ ਵੀ ਇਸ ਵਾਤਾਵਰਣ ਸੰਭਾਲ ਦੀ ਮੁਹਿੰਮ ਵਿਚ ਸ਼ਾਮਿਲ ਹੋ ਗਏ ਅਤੇ ਵੇਖਦੇ ਹੀ ਵੇਖਦੇ ਸਾਰੇ ਸਕੂਲ ਵਿੱਚ ਨਵੇਂ ਸਜਾਵਟੀ ਬੂਟਿਆ ਦੀ ਬਹਾਰ ਛਾ ਗਈ ਇਹਨਾ ਪੌਦਿਆਂ ਨਾਲ ਸਾਰੇ ਸਕੂਲ ਦੇ ਸੁੰਦਰੀਕਰਨ ਵਿੱਚ ਵਾਧਾ ਹੋਇਆ ਹੈ ਅਤੇ ਨਾਲ ਹੀ ਵਿਦਿਆਰਥੀਆ ਨੂੰ ਤਾਜੀ ਆਕਸੀਜਨ ਯੁਕਤ ਹਵਾ ਵੀ ਮਿਲ ਰਹੀ ਹੈ ਇਸ ਮੌਕੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਨੇ ਦੱਸਿਆ ਕਿ ਅਜੋਕੇ ਸਮੇਂ ਵਿੱਚ ਵੱਧ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਹਰੇਕ ਸ਼ਹਿਰ ਵਾਸੀ ਦੀ ਜਿੰਮੇਵਾਰੀ ਬਣਦੀ ਹੈ ਕਿ ਵੱਧ ਤੋਂ ਵੱਧ ਬੂਟੇ ਲਗਾਵੇ ਤਾਂ ਜੋ ਇਸ ਪਵਿੱਤਰ ਸ਼ਹਿਰ ਅੰਮ੍ਰਿਤਸਰ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾ ਸਕੀਏ ।।

ਆਵਾਜ਼ਿ ਕੌਮ AWAZE QAUM International Newspaper & WEB TV


# ਜਨਮ ਦਿਨ ਮੁਬਾਰਕ

**ਦਲੇਰ ਸਿੰਘ**

ਪਿਤਾ ਸੁਖਵੰਤ ਸਿੰਘ, ਮਾਤਾ ਹਰਜਿੰਦਰ ਕੌਰ, ਪਿੰਡ ਚੰਨਣਕੇ, ਜਿਲਾ ਸ੍ਰੀ ਅੰਮ੍ਰਿਤਸਰ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV




ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

**ਸ਼ਹੀਦੀ ਦਿਵਸ਼ ਸ਼ਹੀਦ ਭਾਈ ਮਨੀ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 13 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 14 ਜੁਲਾਈ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਜਸ਼ਨਪ੍ਰੀਤ ਸਿੰਘ ਮਾਨਤੋਵਾ ਵਾਲੇ ਕੀਰਤਨ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛
ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ। ☛ਸ਼ੇਅਰ ਜ਼ਰੂਰੀ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਗਰੀਬਾਂ ਲਈ ਵਿਦਿਆ 'ਤੇ ਇਲਾਜ ਸਹੂਲਤਾਂ ਮੁਫਤ ਹੋਣ ਨੌਕਰੀ ਯੋਗਤਾ ਦੇ ਅਧਾਰ ਉੱਪਰ ਮਿਲੇ ਤਾਂ

# ਹੋਰ ਖੈਰਾਤਾਂ ਦੀ ਜਰੂਰਤ ਨਹੀਂ : ਸਰਬਜੀਤ ਸਿੰਘ, ਮੁੱਖ ਸੇਵਾਦਾਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂ. ਕੇ.



**ਬ੍ਰਮਿੰਘਮ, 12 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖ਼ਬਰਾਂ ਮੁਤਾਬਕ ਟਾਟਾ ਗਰੁੱਪ ਭਾਰਤ ਦੀ ਬੀ. ਐਸ. ਐਨ. ਐਲ. ਦੂਰ ਸੰਚਾਰ ਕੰਪਨੀ ਨੂੰ ਬਿਹਤਰ ਬਣਾਉਣ ਲਈ ਇਸ ਵਿੱਚ ਪੰਦਰਾਂ ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਕਰੇਗਾ। ਹਾਲ ਹੀ ਵਿੱਚ ਜੀਉ, ਏਅਰ ਟੈਲ, ਵੋਡਾਫੋਨ ਆਦਿਕ ਕੰਪਨੀਆਂ ਵੱਲੋਂ ਆਪਣੀਆਂ ਮੋਬਾਇਲ ਸੇਵਾਵਾਂ ਲਈ ਭਾਅ ਵਧਾਏ ਜਾਣ ਉਪਰੰਤ ਇਹ ਬਿਆਨ ਆਇਆ ਹੈ। ਅੰਗਰੇਜ਼ਾਂ ਤੋਂ ਅਜਾਦੀ ਮਿਲਣ ਤੋਂ ਲੈ ਕੇ ਹੁਣ ਤੱਕ ਚੱਲੀਆਂ ਆਉਂਦੀਆਂ ਗਲਤ ਨੀਤੀਆਂ ਤਹਿਤ ਵਿਦਿਅਕ ਅਦਾਰੇ, ਇਲਾਜ ਸਹੂਲਤਾਂ (ਹਸਪਤਾਲ), ਆਦਿਕ ਜਿੰਨੀਆਂ ਵੀ ਸਰਕਾਰੀ ਸੰਸਥਾਵਾਂ ਹਨ ਉਨ੍ਹਾਂ ਨੂੰ ਖਸਤਾ ਮੰਦਹਾਲੀ ਦੇ ਹਾਲਾਤ ਤੱਕ ਪਹੁੰਚਾ ਦਿੱਤਾ ਗਿਆ। ਆਪਣੇ ਮਨਪਸੰਦ ਪੂੰਜੀਪਤੀਆਂ ਨੂੰ ਲਾਭ ਪਹੁੰਚਾਉਣ ਦੇ ਉਦੇਸ਼ ਨਾਲ ਪ੍ਰਾਈਵੇਟ ਸੰਸਥਾਵਾਂ ਨੂੰ ਉਤਸ਼ਾਹਿਤ ਕੀਤਾ ਗਿਆ, ਇਨ੍ਹਾਂ ਸੰਸਥਾਵਾਂ ਦੀਆਂ ਮਨਮਾਨੀਆਂ ਦੇ ਚੱਲਦੇ ਸਧਾਰਨ ਇਨਸਾਨ ਮਾਯੂਸ ਹੋ ਕੇ ਰਹਿ ਗਏ ਹਨ ਕਿਉਂਕਿ ਇਹ ਉਨ੍ਹਾਂ ਦੀ ਸਮਰੱਥਾ ਤੋਂ ਬਹੁਤ ਦੂਰ ਹਨ। ਕਾਸ਼ ਕੇ ਸਰਕਾਰਾਂ ਗਰੀਬਾਂ ਲਈ ਵਿਦਿਆ ਅਤੇ ਇਲਾਜ਼ ਦੀਆਂ ਸਹੂਲਤਾਂ ਮੁਫਤ ਪ੍ਰਦਾਨ ਕਰਦੀ ਅਤੇ ਨੌਕਰੀਆਂ ਯੋਗਤਾ ਦੇ ਅਧਾਰ ਉੱਪਰ ਮਿਲਦੀਆਂ ਤਾਂ ਸਰਕਾਰਾਂ ਨੂੰ ਸਮੇਂ ਸਮੇਂ 'ਤੇ ਮੁਫਤ ਖੈਰਾਤਾਂ ਦਾ ਐਲਾਨ ਨਾ ਕਰਨਾ ਪਵੇ। ਜੋ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ ਉਹ ਸਬੰਧਿਤ ਪ੍ਰਵਿਾਰ ਦੇ ਹਾਲਾਤ ਅਤੇ ਆਰਥਿਕ ਅਧਾਰ 'ਤੇ ਦਿੱਤੀਆਂ ਜਾਣ ।ਧਰਮ, ਜਾਤੀ, ਰੰਗ, ਨਸਲ, ਲਿੰਗ ਆਦਿਕ ਕਿਸੇ ਵੀ ਕਿਸਮ ਦੇ ਵਿਤਕਰੇ ਨੂੰ ਰੋਕਣ ਲਈ ਪੱਖਪਾਤ ਕਨੂੰਨ (ਡਿਸਕ੍ਰਿਮੀਨੇਸ਼ਨ ਐਕਟ) ਬਣਾਇਆ ਜਾਵੇ ਜਿਸ ਵਿੱਚ ਕਿਸਮ ਦੇ ਵਿਤਕਰੇ ਨੂੰ ਅਲੱਗ ਅਲੱਗ ਤੌਰ 'ਤੇ ਸੂਚੀਬੱਧ ਕੀਤਾ ਜਾਵੇ ਅਤੇ ਉਨ੍ਹਾਂ ਦੀ ਨਜ਼ਾਕਤ ਦੇ ਹਿਸਾਬ ਨਾਲ ਉਨ੍ਹਾਂ ਦੀ ਰੋਕਥਾਮ ਅਤੇ ਸਜ਼ਾ ਨਿਰਧਾਰਤ ਕੀਤੀ ਜਾਵੇ ।ਮੁੱਖ ਸੇਵਾਦਾਰ ਸਰਬਜੀਤ ਸਿੰਘ ਨੇ ਅੱਗੇ ਕਿਹਾ ਕੇ ਬੀਤੇ ਸਮੇਂ ਦੌਰਾਨ ਧਾਰਾ ਚਾਰ ਸੌ ਵੀਹ ਨੂੰ ਬਦਲ ਕੇ ਤਿੰਨ ਸੌ ਅਠਾਰਾਂ ਕਰ ਦਿੱਤਾ ਗਿਆ ਹੈ ਸਿਰਫ ਨੰਬਰ ਬਦਲਣ ਨਾਲ ਕੀ ਬਦਲੇਗਾ ਇਹ ਤਾਂ ਸਮਾਂ ਹੀ ਦੱਸੇਗਾ ਪਰ ਪ੍ਰਾਈਵੇਟ ਵਿਦਿਅਕ ਅਦਾਰਿਆਂ, ਡਾਕਟਰਾਂ, ਹਸਪਤਾਲਾਂ, ਦੂਰ ਸੰਚਾਰ ਕੰਪਨੀਆਂ ਇਤਿਆਦਕ ਸੰਸਥਾਨਾ ਵੱਲੋਂ ਮਚਾਈ ਲੁੱਟ, ਮਨਮਾਨੀਆਂ ਅਤੇ ਚਾਰ ਸੌ ਵੀਹ ਜਰੂਰ ਰੁਕਣੀ ਚਾਹੀਦੀ ਹੈ ।ਇਨ੍ਹਾਂ ਹੀ ਗਲਤ ਨੀਤੀਆਂ ਕਾਰਨ ਪਰਿਵਾਰ ਬਿਖਰ ਰਹੇ ਹਨ, ਨੌਜਵਾਨ ਭਰ ਜਵਾਨੀ ਵਿੱਚ ਜਿੰਦਗੀ ਤੋਂ ਮਾਯੂਸ ਅਤੇ ਤਣਾਅ ਦਾ ਸ਼ਿਕਾਰ ਹੋ ਰਹੇ ਹਨ ਅਤੇ ਮਾਪੇ ਲਾਚਾਰ ਅਤੇ ਮਾਯੂਸ ਹਨ ਕੇ ਜਿਨ੍ਹਾਂ ਬੱਚਿਆਂ ਦਾ ਆਪਣਾ ਭਵਿੱਖ ਹੀ ਸੁਰੱਖਿਅਤ ਨਹੀਂ ਉਹ ਸਮਾਂ ਆਉਣ 'ਤੇ ਸਾਡਾ ਸਹਾਰਾ ਕੀ ਬਣਨਗੇ। ਇਸੇ ਆਲਮ ਵਿੱਚ ਆਪਣਾ ਸਭ ਕੁੱਝ ਵੇਚ ਕੇ ਪ੍ਰਦੇਸ ਜਾਣ ਦਾ ਰੁਝਾਨ ਸਿਖਰ 'ਤੇ ਹੈ ।ਪ੍ਰਦੇਸ ਵਿੱਚ ਵੀ ਰਿਹਾਇਸ਼, ਬੇਰੋਜ਼ਗਾਰੀ ਅਦਿਕ ਦੀਆਂ ਅਨੇਕਾਂ ਸਮੱਸਿਆਂਵਾਂ ਕਾਰਨ ਕਈ ਵਾਰ ਦਿਲ ਦਹਿਲਾਉਣ ਵਾਲੀਆਂ ਖ਼ਬਰਾਂ ਆਉਂਦੀਆਂ ਹਨ ਅਤੇ ਅਨੇਕਾਂ ਦੱਬੀਆਂ ਹੀ ਰਹਿ ਜਾਂਦੀਆਂ ਹਨ।

# ਵੱਧ ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਦੀ ਅਪੀਲ









ਐੱਸ ਐੱਚ ਓ ਇੰਸਪੈਕਟਰ ਯਾਦਵਿੰਦਰ ਸਿੰਘ, ਕੁਲਦੀਪ ਸਿੰਘ 3666 ਅਤੇ ਮਨਪ੍ਰੀਤ ਸਿੰਘ 945 ਵੱਲੋਂ ਵਣ ਦਿਵਸ ਮੌਕੇ ਵੱਖ ਵੱਖ ਪਿੰਡਾਂ ਵਿੱਚ ਬੂਟੇ ਲਗਾਉਣ ਦੀ ਸੇਵਾ ਨਿਭਾਈ ਗਈ, ਇਸ ਮੌਕੇ 'ਤੇ ਉਹਨਾ ਨੇ ਹੋਰ ਵੀ ਸਾਰਿਆਂ ਨੂੰ ਵਾਤਾਵਰਣ ਪ੍ਰੇਮੀ ਬਣਨ ਦੀ ਅਤੇ ਵੱਧ ਤੋਂ ਵੱਧ ਬੂਟੇ ਲਗਾਕੇ ਸਾਡੇ ਆਲ਼ੇ ਦੁਆਲੇ ਦੇ ਵਾਤਾਵਰਣ ਨੂੰ ਸਾਫ ਸੁਥਰਾ ਬਣਾਈ ਰੱਖਣ ਦੀ ਅਪੀਲ ਕੀਤੀ। (ਫੋਟੋਆਂ ਤੇ ਵੇਰਵਾ : ਸੰਨੀ ਮਾਨ, ਮਾਨਸਾ)

# ਦਿੱਲੀ ਸ਼ਰਾਬ ਘੁਟਾਲਾ ਵਿਚ ਮੁੱਖ ਮੰਤਰੀ ਕੇਜਰੀਵਾਲ ਦੀ ਨਿਆਂਇਕ ਹਿਰਾਸਤ 25 ਜੁਲਾਈ ਤੱਕ ਵਧਾਈ

## ਸੁਪਰੀਮ ਕੋਰਟ ਤੋਂ ਮਿਲੀ ਅੰਤਰਿਮ ਜ਼ਮਾਨਤ, ਸੀ.ਬੀ.ਆਈ. ਮਾਮਲੇ ਵਿਚ ਜੇਲ੍ਹ ਅੰਦਰ ਰਹਿਣਗੇ



ਨਵੀਂ ਦਿੱਲੀ 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਨਿਆਂਇਕ ਹਿਰਾਸਤ 25 ਜੁਲਾਈ ਤੱਕ ਵਧਾ ਦਿੱਤੀ ਗਈ ਹੈ। ਅਦਾਲਤ ਨੇ ਇਹ ਫੈਸਲਾ ਸੀ.ਬੀ.ਆਈ. ਨਾਲ ਸਬੰਧਤ ਮਾਮਲੇ ਵਿੱਚ ਦਿੱਤਾ ਹੈ। ਸ਼ੁੱਕਰਵਾਰ ਨੂੰ ਹੀ ਕੇਜਰੀਵਾਲ ਨੂੰ ਸ਼ਰਾਬ ਘੁਟਾਲੇ 'ਚ ਸੁਪਰੀਮ ਕੋਰਟ ਤੋਂ ਅੰਤਰਿਮ ਜ਼ਮਾਨਤ ਮਿਲ ਗਈ ਸੀ। ਪਰ ਈਡੀ ਨੇ ਉਸ ਦੀ ਗ੍ਰਿਫਤਾਰੀ ਦਾ ਮਾਮਲਾ ਸੁਪਰੀਮ ਕੋਰਟ ਦੇ ਵੱਡੇ ਬੈਂਚ ਨੂੰ ਸੌਂਪ ਦਿੱਤਾ। ਸੁਪਰੀਮ ਕੋਰਟ ਨੇ ਈਡੀ ਦੀ ਗ੍ਰਿਫਤਾਰੀ ਨੂੰ ਚੁਣੌਤੀ ਦੇਣ ਵਾਲੀ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਟੀਸ਼ਨ ਸੁਣਵਾਈ ਲਈ ਵੱਡੀ ਬੈਂਚ ਕੋਲ ਭੇਜ ਦਿੱਤੀ ਹੈ। ਨਾਲ ਹੀ, ਦਿੱਲੀ ਦੇ ਮੁੱਖ ਮੰਤਰੀ ਨੂੰ ਉਦੋਂ ਤੱਕ ਰਾਹਤ ਦਿੰਦਿਆਂ, ਜਸਟਿਸ ਸੰਜੀਵ ਖੰਨਾ ਅਤੇ ਦੀਪਾਂਕਰ ਦੱਤਾ ਦੀ ਬੈਂਚ ਨੇ ਵੱਡੀ ਬੈਂਚ ਦੇ ਫੈਸਲੇ ਤੱਕ ਕੇਜਰੀਵਾਲ ਨੂੰ ਜ਼ਮਾਨਤ ਦੇ ਦਿੱਤੀ ਹੈ। ਇਸ ਤੋਂ ਇਲਾਵਾ ਅਦਾਲਤ ਨੇ ਇਕ ਹੋਰ ਅਹਿਮ ਟਿੱਪਣੀ ਕੀਤੀ ਹੈ। ਅਦਾਲਤ ਨੇ ਸੁਣਵਾਈ ਦੌਰਾਨ ਆਪਣੇ ਬਿਆਨ ਵਿੱਚ ਕਿਹਾ ਕਿ ਅਸੀਂ ਜਾਣਦੇ ਹਾਂ ਕਿ ਅਰਵਿੰਦ ਕੇਜਰੀਵਾਲ ਇੱਕ ਚੁਣੇ ਹੋਏ ਨੇਤਾ ਅਤੇ ਦਿੱਲੀ ਦੇ ਮੌਜੂਦਾ ਮੁੱਖ ਮੰਤਰੀ ਹਨ ਅਤੇ ਇਹ ਇੱਕ ਮਹੱਤਵਪੂਰਨ ਅਤੇ ਪ੍ਰਭਾਵਸ਼ਾਲੀ ਅਹੁਦਾ ਹੈ, ਹਾਲਾਂਕਿ, ਅਸੀਂ ਇਸ ਸਬੰਧ ਵਿੱਚ ਕੋਈ ਨਿਰਦੇਸ਼ ਨਹੀਂ ਦਿੰਦੇ ਹਾਂ ਸ਼ੱਕ ਹੈ ਕਿ ਕੀ ਅਦਾਲਤ ਕਿਸੇ ਚੁਣੇ ਹੋਏ ਨੇਤਾ ਨੂੰ ਮੁੱਖ ਮੰਤਰੀ ਜਾਂ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਜਾਂ ਨਾ ਕਰਨ ਦਾ ਨਿਰਦੇਸ਼ ਦੇ ਸਕਦੀ ਹੈ, ਅਸੀਂ ਇਸ ਦਾ ਫੈਸਲਾ ਅਰਵਿੰਦ ਕੇਜਰੀਵਾਲ 'ਤੇ ਛੱਡਦੇ ਹਾਂ ਅਤੇ ਇਸ 'ਤੇ ਕੇਜਰੀਵਾਲ ਨੇ ਖੁਦ ਫੈਸਲਾ ਕਰਨਾ ਹੈ ਕਿ ਉਹ ਮੁੱਖ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣਾ ਚਾਹੁੰਦੇ ਹਨ ਜਾਂ ਨਹੀਂ, ਮਨੀ ਲਾਂਡਰਿੰਗ ਮਾਮਲੇ 'ਚ ਈਡੀ ਨੇ ਕੇਜਰੀਵਾਲ ਨੂੰ 21 ਮਾਰਚ ਨੂੰ ਗ੍ਰਿਫਤਾਰ ਕੀਤਾ ਸੀ। 20 ਜੂਨ ਨੂੰ ਹੇਠਲੀ ਅਦਾਲਤ ਨੇ ਉਸ ਨੂੰ 1 ਲੱਖ ਰੁਪਏ ਦੇ ਨਿੱਜੀ ਮੁਚੱਲਕੇ 'ਤੇ ਜ਼ਮਾਨਤ ਦਿੱਤੀ ਸੀ, ਜਿਸ ਤੋਂ ਬਾਅਦ ਅਗਲੇ ਹੀ ਦਿਨ ਈਡੀ ਨੇ ਉਸ ਨੂੰ ਹਾਈ ਕੋਰਟ 'ਚ ਚੁਣੌਤੀ ਦਿੱਤੀ ਸੀ। ਹਾਈਕੋਰਟ ਨੇ 21 ਜੂਨ ਨੂੰ ਹੇਠਲੀ ਅਦਾਲਤ ਦੇ ਹੁਕਮਾਂ 'ਤੇ ਅੰਤ੍ਰਿਮ ਰੋਕ ਲਗਾ ਦਿੱਤੀ ਸੀ ਅਤੇ 25 ਜੂਨ ਨੂੰ ਵਿਸਥਾਰਤ ਹੁਕਮ ਜਾਰੀ ਕੀਤਾ ਸੀ।

# ਗਰੀਬਾਂ ਲਈ ਵਿੱਦਿਆ 'ਤੇ ਇਲਾਜ ਸਹੂਲਤਾਂ ਮੁਫ਼ਤ ਹੋਣ, ਨੌਕਰੀ ਯੋਗਤਾ ਦੇ ਅਧਾਰ ਉੱਪਰ ਮਿਲੇ ਤਾਂ ਹੋਰ ਖੈਰਾਤਾਂ ਦੀ ਜ਼ਰੂਰਤ ਨਹੀਂ - ਸਰਬਜੀਤ ਸਿੰਘ ਯੂਕੇ



**ਨਵੀਂ ਦਿੱਲੀ, 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਖਬਰਾਂ ਮੁਤਾਬਕ ਟਾਟਾ ਗਰੁੱਪ ਭਾਰਤ ਦੀ ਦੂਰ ਸੰਚਾਰ ਕੰਪਨੀ ਬੀ. ਐਸ. ਐਨ. ਐਲ. ਨੂੰ ਬਿਹਤਰ ਬਣਾਉਣ ਲਈ ਇਸ ਵਿੱਚ 15 ਹਜ਼ਾਰ ਕਰੋੜ ਰੁਪਏ ਦਾ ਨਿਵੇਸ਼ ਕਰੇਗਾ ।ਹਾਲ ਹੀ ਵਿੱਚ ਜੀਉ, ਏਅਰਟੈੱਲ, ਵੋਡਾਫੋਨ ਆਦਿਕ ਕੰਪਨੀਆਂ ਵੱਲੋਂ ਆਪਣੀਆਂ ਮੋਬਾਇਲ ਸੇਵਾਵਾਂ ਲਈ ਭਾਅ ਵਧਾਉਣ ਉਪਰੰਤ ਇਹ ਬਿਆਨ ਆਇਆ ਹੈ। ਅੰਗਰੇਜ਼ਾਂ ਤੋਂ ਆਜ਼ਾਦੀ ਮਿਲਣ ਤੋਂ ਲੈ ਕੇ ਹੁਣ ਤੱਕ ਚੱਲੀਆਂ ਆਉਂਦੀਆਂ ਗਲਤ ਨੀਤੀਆਂ ਤਹਿਤ ਵਿੱਦਿਅਕ ਅਦਾਰੇ, ਇਲਾਜ ਸਹੂਲਤਾਂ ( ਹਸਪਤਾਲ ) ਆਦਿਕ ਜਿੰਨੀਆਂ ਵੀ ਸਰਕਾਰੀ ਸੰਸਥਾਵਾਂ ਹਨ ਉਨ੍ਹਾਂ ਨੂੰ ਖਸਤਾ ਮੰਦਹਾਲੀ ਦੇ ਹਾਲਾਤ ਤੱਕ ਪਹੁੰਚਾ ਦਿੱਤਾ ਗਿਆ। ਆਪਣੇ ਮਨਪਸੰਦ ਪੂੰਜੀਪਤੀਆਂ ਨੂੰ ਲਾਭ ਪਹੁੰਚਾਉਣ ਦੇ ਉਦੇਸ਼ ਨਾਲ ਪ੍ਰਾਈਵੇਟ ਸੰਸਥਾਵਾਂ ਨੂੰ ਉਤਸ਼ਾਹਿਤ ਕੀਤਾ ਗਿਆ, ਇਨ੍ਹਾਂ ਸੰਸਥਾਵਾਂ ਦੀਆਂ ਮਨਮਾਨੀਆਂ ਦੇ ਚੱਲਦੇ ਸਧਾਰਨ ਇਨਸਾਨ ਮਾਯੂਸ ਹੋ ਕੇ ਰਹਿ ਗਏ ਹਨ ਕਿਉਂਕਿ ਇਹ ਇਨ੍ਹਾਂ ਦੀ ਸਮਰੱਥਾ ਤੋਂ ਬਹੁਤ ਦੂਰ ਹਨ ।ਕਾਸ਼ ਕੇ ਸਰਕਾਰਾਂ ਗਰੀਬਾਂ ਲਈ ਵਿੱਦਿਆ ਅਤੇ ਇਲਾਜ ਸਹੂਲਤਾਂ ਮੁਫ਼ਤ ਪਰਦਾਨ ਕਰਦੀ ਅਤੇ ਨੌਕਰੀਆਂ ਯੋਗਤਾ ਦੇ ਅਧਾਰ 'ਤੇ ਮਿਲਦੀਆਂ ਤਾਂ ਸਰਕਾਰ ਨੂੰ ਸਮੇਂ ਸਮੇਂ 'ਤੇ ਮੁਫ਼ਤ ਖੈਰਾਤਾਂ ਦਾ ਐਲਾਨ ਨਾ ਕਰਨਾ ਪਵੇ। ਜੋ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ ਉਹ ਸੰਬੰਧਿਤ ਪਰਿਵਾਰ ਦੇ ਹਾਲਾਤ ਅਤੇ ਆਰਥਿਕ ਅਧਾਰ 'ਤੇ ਦਿੱਤੀਆਂ ਜਾਣ। ਧਰਮ, ਜਾਤੀ,ਰੰਗ, ਨਸਲ, ਲਿੰਗ ਆਦਿਕ ਕਿਸੇ ਵੀ ਕਿਸਮ ਦੇ ਵਿਤਕਰੇ ਨੂੰ ਰੋਕਣ ਲਈ ਪੱਖਪਾਤ ਕਨੂੰਨ (ਡਿਸਕਿਰਿਮੀਨੇਸ਼ਨ ਐਕਟ) ਬਣਾਇਆ ਜਾਵੇ ਜਿਸ ਵਿੱਚ ਹਰ ਕਿਸਮ ਦੇ ਵਿਤਕਰੇ ਨੂੰ ਅਲੱਗ ਅਲੱਗ ਤੌਰ ਤੇ ਸੂਚੀਬੱਧ ਕੀਤਾ ਜਾਵੇ ਅਤੇ ਉਨ੍ਹਾਂ ਦੀ ਨਜ਼ਾਕਤ ਦੇ ਹਿਸਾਬ ਨਾਲ ਉਨ੍ਹਾਂ ਦੀ ਰੋਕਥਾਮ ਅਤੇ ਸਜ਼ਾ ਨਿਰਧਾਰਿਤ ਕੀਤੀ ਜਾਵੇ। ਮੁੱਖ ਸੇਵਾਦਾਰ ਸਰਬਜੀਤ ਸਿੰਘ ਨੇ ਅੱਗੇ ਕਿਹਾ ਕੇ ਬੀਤੇ ਸਮੇਂ ਦੌਰਾਨ ਧਾਰਾ 420 ਨੂੰ ਬਦਲ ਕੇ 318 ਕਰ ਦਿੱਤਾ ਗਿਆ ਸਿਰਫ ਨੰਬਰ ਬਦਲਣ ਨਾਲ ਕੀ ਬਦਲੇਗਾ ਇਹ ਤਾਂ ਸਮਾਂ ਹੀ ਦੱਸੇਗਾ ਪਰ ਪ੍ਰਾਈਵੇਟ ਕੰਪਨੀਆਂ ਵਿਦਿਅਕ ਅਦਾਰਿਆਂ, ਡਾਕਟਰਾਂ, ਹਸਪਤਾਲਾਂ, ਦੂਰ ਸੰਚਾਰ ਕੰਪਨੀਆਂ ਇਤਿਆਦਿਕ ਸੰਸਥਾਨਾਂ ਵੱਲੋਂ ਮਚਾਈ ਲੁੱਟ, ਮਨਮਾਨੀਆਂ ਅਤੇ 420 ਜ਼ਰੂਰ ਰੁਕਣੀ ਚਾਹੀਦੀ ਹੈ। ਇਨ੍ਹਾਂ ਹੀ ਗਲਤ ਨੀਤੀਆਂ ਕਾਰਨ ਪਰਿਵਾਰ ਬਿਖਰ ਰਹੇ ਹਨ, ਨੌਜਵਾਨ ਭਰ ਜਵਾਨੀ ਵਿੱਚ ਜ਼ਿੰਦਗੀ ਤੋਂ ਮਾਯੂਸ ਅਤੇ ਤਣਾਅ ਦਾ ਸ਼ਿਕਾਰ ਹੋ ਰਹੇ ਹਨ ਅਤੇ ਮਾਪੇ ਲਾਚਾਰ ਤੇ ਮਾਯੂਸ ਹਨ ਕੇ ਜਿੰਨ੍ਹਾ ਬੱਚਿਆਂ ਦਾ ਆਪਣਾ ਭਵਿੱਖ ਹੀ ਸੁਰੱਖਿਅਤ ਨਹੀਂ ਉਹ ਸਮਾਂ ਆਉਣ 'ਤੇ ਸਾਡਾ ਸਹਾਰਾ ਕੀ ਬਨਣਗੇ। ਇਸੇ ਆਲਮ ਵਿੱਚ ਆਪਣਾ ਸਭ ਕੁੱਝ ਵੇਚ ਕੇ ਪਰਦੇਸ ਜਾਣ ਦਾ ਰੁਝਾਨ ਸਿੱਖਰਾਂ ਤੇ ਹੈ। ਪ੍ਰਦੇਸ ਵਿੱਚ ਵੀ ਰਿਹਾਇਸ਼, ਬੇਰੋਜਗਾਰੀ ਆਦਿਕ ਦੀਆਂ ਅਨੇਕਾਂ ਸਮੱਸਿਆਵਾਂ ਕਾਰਨ ਕਈ ਵਾਰ ਦਿਲ ਦਹਿਲਾਉਣ ਵਾਲੀਆਂ ਖਬਰਾਂ ਆਉਂਦੀਆਂ ਹਨ ਅਤੇ ਅਨੇਕਾਂ ਖ਼ਬਰਾਂ ਦੱਬੀਆਂ ਰਹਿ ਜਾਂਦੀਆਂ ਹਨ।

ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਦੌਰਾਨ ਸ਼ਹੀਦ ਭਾਈ ਗੁਰਮੀਤ ਸਿੰਘ (ਮਚਾਕੀ ਕਲਾਂ) ਜੀ ਦਾ

# ਸ਼ਹੀਦੀ ਦਿਹਾੜਾ ਮਨਾਇਆ ਗਿਆ



ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਦੌਰਾਨ ਸ਼ਹੀਦ ਭਾਈ ਗੁਰਮੀਤ ਸਿੰਘ (ਮਚਾਕੀ ਕਲਾਂ) ਜੀ ਦਾ 35 ਵਾਂ ਸ਼ਹੀਦੀ ਸਮਾਗਮ ਪਿੰਡ ਮਚਾਕੀ ਕਲਾਂ ਫਰੀਦਕੋਟ ਵਿਖੇ ਇਸ ਮੌਕੇ ਸਰਪੰਚ ਸੁਖਦੇਵ ਸਿੰਘ ਡੋਡ ਢਾਡੀ ਜਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਵੱਲੋਂ ਸ਼ਹੀਦ ਭਾਈ ਗੁਰਮੀਤ ਸਿੰਘ ਮਚਾਕੀ ਦੀ ਮਾਤਾ ਮਾਤਾ ਜੋਗਿੰਦਰ ਕੌਰ ਨੂੰ ਭਰਾ ਭਾਈ ਪਾਲਾ ਸਿੰਘ ਨੂੰ ਸਨਮਾਨਤ ਕੀਤਾ ਅਤੇ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਭਾਈ ਸਰਬਜੀਤ ਸਿੰਘ ਜੀ ਖਾਲਸਾ MP ਭਾਈ ਗੁਰਸੇਵਕ ਸਿੰਘ ਜਵਾਹਰਕੇ ਭਾਈ ਦਲੇਰ ਸਿੰਘ ਡੋਡ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਵਰ੍ਹੇਗੰਢ ਮੁਬਾਰਕ






ਆਵਾਜ਼ਿ ਕੌਮ AWAZE QAUM International Newspaper & WEB TV

ਰਾਮਾਂ ਮੰਡੀ ਤੋਂ ਸੀਨੀਅਰ ਪੱਤਰਕਾਰ ਸ਼੍ਰੀ ਅਨਿਲ ਜੈਨ ਅਤੇ ਵੰਦਨਾ ਜੈਨ ਨੇ ਵਿਆਹ ਦੀ 20ਵੀਂ ਵਰ੍ਹੇਗੰਢ ਮਨਾਈ। ਅਦਾਰਾ ਆਵਾਜਿ ਕੌਮ ਵੱਲੋਂ ਲੱਖ-ਲੱਖ ਵਧਾਈ ਹੋਵੇ।

# ਪਾਕਿਸਤਾਨ ਵਿੱਚਲੇ ਗੁਰਧਾਮਾਂ ਦੇ ਖੁਲੇ ਦਰਸ਼ਨ ਦੀਦਾਰਿਆਂ ਲਈ ਪਾਸਪੋਰਟ ਦੀ ਜਗ੍ਹਾ ਆਧਾਰ ਕਾਰਡ ਨੂੰ ਦਿੱਤੀ ਜਾਏ ਮਾਨਤਾ: ਸਰਨਾ

**ਨਵੀਂ ਦਿੱਲੀ 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਪਾਕਿਸਤਾਨ ਵਿੱਚਲੇ ਗੁਰਧਾਮਾਂ ਦੇ ਖੁਲੇ ਦਰਸ਼ਨ ਦੀਦਾਰਿਆਂ ਦੇ ਲਈ, ਨਨਕਾਣਾ ਸਾਹਿਬ ਦੇ ਵੀਜ਼ਾ ਔਨ ਅਰਾਇਵਲ ਅਤੇ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਪਾਸਪੋਰਟ ਦੀ ਸ਼ਰਤ ਖਤਮ ਕਰਕੇ ਅਧਾਰ ਕਾਰਡ ਨੂੰ ਮਾਨਤਾ ਦੇਣ ਤੇ ਉੱਥੇ ਦੋ ਚਾਰ ਦਿਨ ਲਈ ਸੰਗਤ ਦੇ ਰੁਕਣ



ਆਵਾਜ਼ਿ ਕੌਮ AWAZE QAUM International Newspaper & WEB TV

ਦੇ ਪ੍ਰਬੰਧ ਆਦਿ ਮਸਲਿਆਂ ਨੂੰ ਲੈ ਕੇ ਦਿੱਲੀ ਸਥਿਤ ਪਾਕਿਸਤਾਨ ਹਾਈ ਕਮਿਸ਼ਨਰ ਤੇ ਹੋਰ ਉੱਚ ਅਧਿਕਾਰੀਆਂ ਨਾਲ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਵਫ਼ਦ ਵਲੋਂ ਮੁਲਾਕਾਤ ਕੀਤੀ ਗਈ। ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਪ੍ਰੈਸ ਨੂੰ ਜਾਰੀ ਇਕ ਬਿਆਨ ਰਾਹੀਂ ਦਸਿਆ ਕਿ ਉਨ੍ਹਾਂ ਨੇ ਸਾਨੂੰ ਇਹਨਾਂ ਮੰਗਾਂ ਤੇ ਗੌਰ ਕਰਨ ਦਾ ਭਰੋਸਾ ਦਿੰਦਿਆਂ ਉਹਨਾਂ ਜਾਣਕਾਰੀ ਦਿੱਤੀ ਕਿ ਪਾਕਿਸਤਾਨ ਦੀ ਸਰਕਾਰ ਵੱਲੋਂ ਭਾਰਤ ਵਿਚਲੇ 65 ਸਾਲ ਤੋਂ ਉੱਪਰ ਉਮਰ ਦੇ ਸ਼ਰਧਾਲੂਆਂ ਲਈ ਵੀਜ਼ਾ ਸ਼ਰਤਾਂ ਸੌਖੀਆਂ ਕੀਤੀਆਂ ਗਈਆਂ ਹਨ ਤਾਂ ਜੋ ਆਪਣੇ ਪਰਿਵਾਰਾਂ ਸਮੇਤ ਪਾਕਿਸਤਾਨ ਵਿੱਚ ਰਹਿ ਗਏ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਕਰ ਸਕਣ। ਇਹ ਖ਼ਬਰ ਸਾਡੇ ਸਭ ਲਈ ਬਹੁਤ ਹੀ ਖੁਸ਼ੀ ਭਰੀ ਹੈ। ਹੁਣ 65 ਸਾਲ ਤੋਂ ਉੱਪਰ ਦੇ ਬਜ਼ੁਰਗ ਆਪਣੇ ਪੁੱਤ ਪੋਤਰਿਆਂ ਭਾਵ ਪਰਿਵਾਰ ਨਾਲ ਜਦੋਂ ਚਾਹੇ ਪਾਕਿਸਤਾਨ ਦੀ ਅੰਬੈਸੀ ਵਿੱਚ ਆਪਣੇ ਕਾਗਜ਼ ਦਾਖਲ ਕਰਵਾ ਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਪਾਕਿਸਤਾਨ ਜਾ ਸਕਦਾ ਹੈ। ਅੱਗੇ ਸਿਰਫ ਸਾਲ ਵਿੱਚ 4 ਵਾਰੀ ਜੱਥਿਆਂ ਨਾਲ ਹੀ ਇਹ ਯਾਤਰਾ ਕੀਤੀ ਜਾ ਸਕਦੀ ਸੀ ਪਰ ਹੁਣ ਇਹ ਸਿੱਖ ਬਜ਼ੁਰਗਾਂ ਲਈ ਚੰਗੀ ਖ਼ਬਰ ਹੈ। ਇਸਦੇ ਲਈ ਪਾਕਿਸਤਾਨ ਸਰਕਾਰ ਦਾ ਧੰਨਵਾਦ ਕਰਨਾ ਬਣਦਾ ਹੈ। ਲਹਿੰਦੇ ਪੰਜਾਬ ਵਿੱਚ ਸਾਡੀਆਂ ਜੜ੍ਹਾਂ ਜੁੜੀਆਂ ਹੋਈਆਂ ਹਨ। ਸਾਡੇ ਕਿੰਨੇ ਹੀ ਪਵਿੱਤਰ ਗੁਰਧਾਮ ਹਨ ਤੇ ਸਾਡੀ ਕਿੰਨੀ ਵੱਡੀ ਵਿਰਾਸਤ ਹੈ। ਇਸ ਲਈ ਸਾਡੇ ਲਈ ਆਪਣੀਆਂ ਜੜ੍ਹਾਂ ਨਾਲ ਜੁੜਨ ਦਾ ਚੰਗਾ ਉਪਰਾਲਾ ਹੈ ਤੇ ਸਾਨੂੰ ਇਸਦਾ ਲਾਹਾ ਖੱਟਣਾ ਚਾਹੀਦਾ ਹੈ। ਸ ਪਰਮਜੀਤ ਸਿੰਘ ਸਰਨਾ ਨੇ ਇਹ ਅਪੀਲ ਵੀ ਕੀਤੀ ਕਿ 65 ਸਾਲ ਤੋਂ ਉੱਪਰ ਦੇ ਬਜ਼ੁਰਗ ਆਪਣੇ ਪਾਸਪੋਰਟ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਗੁਰਦੁਆਰਾ ਰਕਾਬ ਗੰਜ ਸਾਹਿਬ ਦਫ਼ਤਰ ਵਿੱਚ ਜਮਾ ਕਰਵਾ ਸਕਦੇ ਹਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਉਹਨਾਂ ਦੀ ਪੂਰੀ ਮਦਤ ਕੀਤੀ ਜਾਵੇਗੀ।

# ਟੈਗੋਰ ਸਕੂਲ ਤਲਵੰਡੀ ਸਾਬੋ ਵਿਖੇ ਡੇਂਗੂ ਸਬੰਧੀ ਲਾਇਆ ਜਾਗਰੂਕਤਾ ਕੈਂਪ



ਤਲਵੰਡੀ ਸਾਬੋ, 12 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ, ਜਿਲਾ ਸਿਹਤ ਅਫਸਰ ਡਾ. ਊਸ਼ਾ ਗੋਇਲ, ਜਿਲਾ ਐਪੀਡੀਮੋਲੋਜਿਸਟ ਡਾ. ਮਯੰਕਜੋਤ ਸਿੰਘ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਡਾ. ਦਰਸ਼ਨ ਕੌਰ ਐਸ.ਐਮ.ਓ ਤਲਵੰਡੀ ਸਾਬੋ, ਜਿਲਾ ਏ.ਐਮ.ਓ ਹਰਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਟੈਗੋਰ ਸਕੂਲ ਵਿੱਚ ਡੇਂਗੂ ਸਬੰਧੀ ਜਾਗਰੂਕਤਾ ਕੈਂਪ ਲਗਾਇਆ। ਇਸ ਮੌਕੇ ਹੈਲਥ ਸੁਪਰਵਾਈਜਰ ਕੁਲਦੀਪ ਸਿੰਘ ਅਤੇ ਸਿਹਤ ਕਰਮਚਾਰੀ ਕੁਲਦੀਪ ਸਿੰਘ ਕਮਾਲੂ ਨੇ ਦੱਸਿਆ ਕਿ ਡੇਂਗੂ ਮਾਦਾ ਮੱਛਰ ਦੇ ਡੰਗਣ ਕਾਰਨ ਹੁੰਦਾ ਹੈ ਜੋ ਕਿ ਖੜ੍ਹੇ ਸਾਫ਼ ਪਾਣੀ ’ਚ ਪੈਦਾ ਹੁੰਦਾ ਹੈ। ਇਸ ਲਈ ਜ਼ਰੂਰੀ ਹੈ ਕਿ ਘਰਾਂ ਦੇ ਆਲੇ-ਦੁਆਲੇ ਤੇ ਛੱਤਾਂ ’ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ। ਖਾਸਕਰ ਬਾਰਿਸ਼ਾਂ ਦੇ ਮੌਸਮ ਦੌਰਾਨ ਘਰਾਂ ਦੀਆਂ ਛੱਤਾਂ ਤੇ ਪਏ ਕਬਾੜ, ਗਮਲਿਆਂ, ਟੁੱਟੇ ਬਰਤਨਾਂ ਆਦਿ ਦੀ ਸਫ਼ਾਈ ਕੀਤੀ ਜਾਵੇ। ਪੂਰੇ ਸਰੀਰ ਨੂੰ ਢਕਣ ਵਾਲੇ ਕੱਪੜੇ ਪਾਏ ਜਾਣ ਅਤੇ ਰਾਤ ਨੂੰ ਸੌਣ ਵਾਲੇ ਮੱਛਰ ਭਜਾਉਣ ਵਾਲੀਆਂ ਕਰੀਮਾਂ, ਮੱਛਰ ਭੁਜਾਊ ਜੰਤਰਾਂ ਅਤੇ ਜਾਲੀਦਾਰ ਦਰਵਾਜਿਆਂ ਆਦਿ ਦੀ ਵਰਤੋਂ ਕੀਤੀ ਜਾਵੇ। ਇਸ ਤੋਂ ਇਲਾਵਾ ਡੇਰਾ ਦਾਦੂ ਪੰਥੀ, ਡੇਰਾ ਤੰਗ ਤੋੜ ਅਤੇ ਭਾਈ ਡੱਲ ਸਿੰਘ ਪਾਰਕ ਵਿੱਚ ਡੇਂਗੂ ਐਕਟੀਵਿਟੀਆਂ ਕੀਤੀਆਂ ਗਈਆਂ ਅਤੇ ਫਰਾਈ ਡੇ ਡਰਾਈ ਡੇ ਮਨਾਇਆ ਗਿਆ ਮੌਕੇ ਸਿਹਤ ਕਰਮਚਾਰੀ ਹਰਪਾਲ ਸਿੰਘ ਗਿਆਨਾ ਅਤੇ ਬਰੀਡ ਚੈਕਰ ਅਮਨਪ੍ਰੀਤ ਸਿੰਘ, ਅਮਨਦੀਪ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬੇਸਹਾਰਾ, ਲੋੜਵੰਦਾਂ ਲੋਕਾਂ ਦੀ ਸਾਨੂੰ ਵੱਧ ਤੋਂ ਵੱਧ ਮਦਦ ਕਰਨੀ ਚਾਹੀਦੀ ਹੈ : ਗਿਆਨੀ ਭੁਪਿੰਦਰ ਸਿੰਘ ਗਦਲੀ

ਚੌਕ ਮਹਿਤਾ 13 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ) ਬੇਸਹਾਰਾ, ਅੰਗਹੀਣ, ਵਿਧਵਾ, ਸੜਕਾਂ ਉੱਤੇ ਰੁਲ ਰਹੇ ਬਜ਼ੁਰਗਾਂ ਦੀ ਸਾਨੂੰ ਵੱਧ ਤੋਂ ਵੱਧ ਮਦਦ ਕਰਨ ਲਈ ਤਿਆਰ ਬਰ ਤਿਆਰ ਰਹਿਣਾ ਚਾਹੀਦਾ ਹੈ। ਇਹ ਵੀਚਾਰ ਤੇਰੀ ਓਟ ਆਸੀਆਨ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ( ਸ੍ਰੀ ਅੰਮ੍ਰਿਤਸਰ ਸਾਹਿਬ) ਵਾਲਿਆਂ ਨੇ ਪੱਤਰਕਾਰਾ ਨਾਲ ਗੱਲ ਬਾਤ ਕਰਨ ਸਮੇਂ ਕਿਹੇ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਸਮੇਂ ਸਰਦੀਆਂ ਠੰਡ ਦੇ ਸਮੇਂ ਰਾਤਾਂ ਨੂੰ ਬਹੁਤ ਸਾਰੇ ਬਜ਼ੁਰਗ ਸੜਕਾਂ ਉੱਤੇ ਬਿਨ ਰਜਾਈ ਕੰਬਲ ਤੋਂ ਬਗੈਰ ਦੇਖੇ ਗਏ। ਜਿਨ੍ਹਾਂ ਨੂੰ ਦਾਸ ਅਤੇ ਸਾਡੇ ਸੇਵਾਦਾਰਾਂ ਨੇ ਉਨ੍ਹਾਂ ਦੇ ਉੱਪਰ ਗਰਮ ਕੰਬਲਾ ਦੇਣ ਦੀ ਸੇਵਾ ਸਾਨੂੰ ਮਿੱਲੀ ਬਹੁਤ ਸਾਰੇ ਬਜ਼ੁਰਗਾਂ ਨੂੰ ਤੇਰੀ ਓਟ ਆਸੀਆਨ ਵਿੱਚ ਲਿਆਕੇ ਉਨ੍ਹਾਂ ਬਜ਼ੁਰਗਾਂ ਦਾ ਇਲਾਜ਼ ਕਰਨ ਦੀ ਸੇਵਾ ਧੰਨ ਧੰਨ ਸ੍ਰੀ ਰਾਮਦਾਸ ਸਾਹਿਬ ਜੀ ਨੇ ਸਾਡੇ ਉੱਪਰ ਬਖਸਿਸ਼ ਕੀਤੀ। ਅੱਜ ਇਸ ਧਰਤੀ ਉੱਤੇ ਬਹੁਤ ਬੇਸਹਾਰਾ ਲਾਵਾਰਸ ਲੋਕ ਹਨ ਜਿਨ੍ਹਾਂ ਨੂੰ ਸਹਾਰੇ ਦੀ ਲੋੜ ਹੈ। ਸਾਨੂੰ ਵੱਧ ਤੋਂ ਲੋੜਵੰਦਾਂ ਦੀ ਸੇਵਾ ਲਈ ਦਿਨ ਰਾਤ ਤਿਆਰ ਬਰ ਤਿਆਰ ਰਹਿਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਪਰਮਜੀਤ ਸਿੰਘ ਸਰਨਾ ਦੀ ਅਗਵਾਈ 'ਚ ਭਰਵੀਂ ਮੀਟਿੰਗ ਹੋਈ

# ਸੁਖਬੀਰ ਸਿੰਘ ਬਾਦਲ ਨੂੰ ਬਾਹਾਂ ਖੜ੍ਹੀਆਂ ਕਰਕੇ ਸਮਰਥਨ ਦੇਣ ਦਾ ਐਲਾਨ ਕੀਤਾ



**ਨਵੀਂ ਦਿੱਲੀ, 11 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਇਕ ਭਰਵੀਂ ਮੀਟਿੰਗ ਪਾਰਟੀ ਦੇ ਦਫ਼ਤਰ ਵਿਖੇ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਦੀ ਅਗਵਾਈ 'ਚ ਕੀਤੀ ਗਈ। ਜਿਸ ਵਿੱਚ ਸਮੁੱਚੀ ਐਗਜ਼ੈਕਟਿਵ ਨੇ ਇਕੱਤਰ ਹੋਈ ਤੇ ਮੌਜੂਦਾ ਸਿਆਸੀ ਮਸਲਿਆਂ ਬਾਰੇ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਸ. ਹਰਵਿੰਦਰ ਸਿੰਘ ਸਰਨਾ ਨੇ ਕਿਹਾ ਕਿ ਉਹਨਾਂ ਦਾ ਪਰਿਵਾਰ 1925 ਤੋਂ ਅਕਾਲੀ ਦਲ ਨਾਲ ਜੁੜਿਆ ਹੋਇਆ ਹੈ ਅਤੇ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀਆਂ ਸਾਜ਼ਿਸਾਂ. ਵੰਡ ਤੋਂ ਪਹਿਲਾਂ ਵੀ ਜਾਰੀ ਸਨ ਤੇ ਵੰਡ ਤੋਂ ਬਾਅਦ ਵੀ ਅਤੇ 84 ਤੋਂ ਬਾਅਦ ਵੀ ਜਾਰੀ ਸਨ, ਪਰ ਹਰ ਵਾਰ ਅਕਾਲੀ ਦਲ ਤਕੜਾ ਹੋ ਕੇ ਇਹਨਾਂ ਹਾਲਤਾਂ ਵਿੱਚੋਂ ਨਿਕਲਿਆ ਹੈ, ਕਿਉਂਕਿ ਅਕਾਲੀ ਦਲ ਸਿੱਖਾਂ ਦੀ ਸਿੱਖਾਂ ਦੀ ਇੱਕੋ ਇੱਕ ਨੁਮਾਇੰਦਾ ਜਮਾਤ ਹੈ ਤੇ ਸਦਾ ਰਹੇਗੀ।ਅਕਾਲੀ ਦਲ ਦੀ ਅਗਵਾਈ ਵਿੱਚ ਜਿੰਨੇ ਵੀ ਮੋਰਚੇ ਲੱਗੇ ਹਨ, ਉਹ ਪੰਜਾਬ ਨੇ ਫ਼ਤਿਹ ਕੀਤੇ ਹਨ।ਉਹਨਾਂ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਵਿਸ਼ਵਾਸ ਪ੍ਰਗਟਾਉਦਿਆਂ ਹੋਇਆਂ ਬਾਗੀ ਧੜੇ ਨੂੰ ਪਾਰਟੀ ਪਲੇਟਫਾਰਮ ਤੇ ਆਪਣੀ ਗੱਲ ਰੱਖਣ ਦੀ ਅਪੀਲ ਕੀਤੀ।ਪਾਰਟੀ ਦੇ ਸੀਨੀਅਰ ਆਗੂ ਤੇ ਕੋਰ ਕਮੇਟੀ ਦੇ ਮੈਂਬਰ ਸ. ਮਨਜੀਤ ਸਿੰਘ ਜੀ.ਕੇ ਨੇ ਸੰਬੋਧਨ ਕਰਦਿਆਂ ਪਾਰਟੀ ਪ੍ਰਧਾਨ ਦੀ ਅਗਵਾਈ 'ਚ ਭਰੋਸਾ ਪ੍ਰਗਟਾਇਆ।ਇਸ ਮੌਕੇ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਅਕਾਲੀ ਦਲ ਨੇ ਆਪਣੇ ਸਿਧਾਤਾਂ ਨੂੰ ਮੁੱਖ ਰੱਖਦੇ ਹੋਏ ਭਾਜਪਾ ਨਾਲ ਸਮਝੌਤਾ ਨਹੀਂ ਕੀਤਾ, ਭਾਜਪਾ ਨੂੰ ਰਾਜ ਸੱਤਾ ਦਾ ਹੰਕਾਰ ਹੋਣ ਕਰਕੇ ਅਕਾਲੀ ਦਲ ਵੱਲੋਂ ਬਿਨ੍ਹਾਂ ਮੰਗਾਂ ਮਨਵਾਉਣ ਤੇ ਸਮਝੋਤਾ ਰੱਦ ਕਰਨ ਕਰਕੇ ਅਕਾਲੀ ਦਲ ਨੂੰ ਅੰਦਰੋਂ-ਬਾਹਰੋਂ ਕਮਜ਼ੋਰ ਕਰਕੇ ਇਸ ਨੂੰ ਖਤਮ ਕਰਨ ਦੀ ਸਾਜ਼ਿਸ਼ ਘੜਨ ਦਾ ਪਰਦਾਫਾਸ਼ ਹੋਇਆ ਹੈ।ਅਸੀਂ ਹੁਣ ਵੀ ਅਕਾਲੀ ਦਲ ਦੇ ਸਟੈਂਡ ਤੇ ਕਾਇਮ ਹਾਂ।ਇਸ ਮੌਕੇ ਹੋਰ ਬੁਲਾਰਿਆਂ ਨੇ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਭਰੋਸਾ ਪ੍ਰਗਟਾਇਆ ਤੇ ਅੰਤ ਵਿੱਚ ਸਮੂਹ ਮੈਂਬਰਾਂ ਨੇ ਬਾਹਾਂ ਖੜੀਆਂ ਕਰਕੇ ਪਾਰਟੀ ਪ੍ਰਧਾਨ ਨੂੰ ਸਮਰਥਨ ਦਿੰਦਿਆਂ ਅਕਾਲੀ ਦਲ ਨਾਲ ਚਟਾਨ ਵਾਂਗ ਖੜਨ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਕਰਤਾਰ ਸਿੰਘ ਚਾਵਲਾ, ਸ. ਤਜਿੰਦਰ ਸਿੰਘ ਗੋਪਾ, ਸ. ਪਰਮਜੀਤ ਸਿੰਘ ਰਾਣਾ, ਬੀਬੀ ਰਣਜੀਤ ਕੌਰ, ਸ. ਸੁਖਵਿੰਦਰ ਸਿੰਘ ਬੱਬਰ, ਸ. ਅਵਤਾਰ ਸਿੰਘ ਕਾਲਕਾ, ਸ. ਸਤਨਾਮ ਸਿੰਘ ਖਾਲਸਾ, ਸ. ਸੁਰਿੰਦਰ ਸਿੰਘ ਦਾਰਾ, ਸ. ਮਨਜੀਤ ਸਿੰਘ ਸਰਨਾ, ਸ. ਰਮਨਦੀਪ ਸਿੰਘ ਸੋਨੂੰ ਫ਼ੁੱਲ, ਸ. ਗੁਰਮੀਤ ਸਿੰਘ ਫਿਲਪੀਨਜ਼ ਤੇ ਸ. ਜਸਮੀਤ ਸਿੰਘ ਪੀਤਮਪੁਰਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਮੌਜੂਦ ਸਨ।

### ਤਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਦੇਸ਼ ਧ੍ਰੋਹ ਦੇ ਕੇਸ ਨੂੰ ਤੁਰੰਤ ਵਾਪਸ ਲਿਆ ਜਾਵੇ: ਸਿਮਰਨਜੀਤ ਸਿੰਘ ਮਾਨ

# ਮੋਦੀ ਹਕੂਮਤ ਨਵੇਂ ਕਾਨੂੰਨ ਤਹਿਤ ਸਿੱਖ ਕੌਮ ਨੂੰ ਗੁਲਾਮ ਹੋਣ ਦਾ ਅਹਿਸਾਸ ਕਰਵਾ ਰਹੀ ਹੈ: ਮਾਨ

**ਨਵੀਂ ਦਿੱਲੀ, 11 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਰਾਜਸਥਾਨ ਹਕੂਮਤ ਵੱਲੋਂ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਸ਼੍ਰੀ ਗੰਗਾ ਨਗਰ ਦੇ ਮੁੱਖ ਸੇਵਾਦਾਰ ਤੇ ਉੱਘੇ ਸਮਾਜ ਸੇਵੀ ਅਤੇ ਸਿੱਖ ਆਗੂ ਸ. ਤਜਿੰਦਰਪਾਲ ਸਿੰਘ ਟਿੰਮਾ ਖ਼ਿਲਾਫ਼ ਮੋਦੀ ਹਕੂਮਤ ਵੱਲੋਂ ਨਵੇਂ ਬਣਾਏ ਕਾਨੂੰਨ ਤਹਿਤ ਝੂਠਾ ਦੇਸ਼ ਧ੍ਰੋਹ ਦਾ ਕੇਸ ਦਰਜ ਕਰਕੇ ਸਿੱਖ ਕੌਮ ਨੂੰ ਗੁਲਾਮ ਹੋਣ ਦਾ ਅਹਿਸਾਸ ਕਰਵਾਇਆ ਹੈ।ਪਿਛਲੇ ਹਫ਼ਤੇ ਜਦੋਂ ਇਹ ਜਾਬਰ ਕਾਨੂੰਨ ਲਾਗੂ ਕੀਤੇ ਗਏ ਸਨ ਤਾਂ ਮੈਂ ਉਸੇ ਵਕਤ ਭਾਪ ਗਿਆ ਸੀ ਕਿ ਇਹ ਕਾਨੂੰਨਾਂ ਦੀ ਵਰਤੋਂ ਦੇਸ਼ ਵਿੱਚ ਵੱਸਣ ਵਾਲੀਆਂ ਘੱਟ ਗਿਣਤੀ ਕੌਮਾਂ 'ਤੇ ਹੀ ਲਾਗੂ ਕੀਤੇ ਜਾਣਗੇ, ਕਿਉਕਿ ਸੈਂਟਰ ਵਿਚ ਬਣੀਆਂ ਹਕੂਮਤਾਂ ਨੇ ਜਿੰਨੇ ਵੀ ਟਾਡਾ, ਪੋਟਾ ਅਤੇ ਯੂਏਪੀਏ ਵਰਗੇ ਜਾਬਰ ਕਾਨੂੰਨ ਬਣਾਏ ਹਨ ਉਹਨਾਂ ਕਾਨੂੰਨਾਂ ਦੀ ਵਰਤੋਂ ਘੱਟ ਗਿਣਤੀ ਕੌਮਾਂ 'ਤੇ ਹੀ ਕੀਤੀ ਗਈ ਹੈ।ਸ. ਸਿਮਰਨਜੀਤ ਸਿੰਘ ਮਾਨ ਨੇ ਸ. ਤਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਹੋਏ ਇਸ ਦੇਸ਼ ਧ੍ਰੋਹ ਦੇ ਕੇਸ ਨੂੰ ਤੁਰੰਤ ਵਾਪਸ ਲਿਆ ਜਾਵੇ, ਸਿੱਖ ਕੌਮ ਦੇ ਸਬਰ ਨੂੰ ਵਾਰ-ਵਾਰ ਪਰਖਣ ਤੋਂ ਸੈਂਟਰ ਅਤੇ ਸੂਬਾ ਸਰਕਾਰਾਂ ਗੁਰੇਜ਼ ਕਰਨ।ਹੁਣ ਸਿੱਖ ਕੌਮ ਦਾ ਵੀ ਫ਼ਰਜ਼ ਬਣਦਾ ਹੈ ਕਿ ਉਹ ਇਸ ਧੱਕੇਸਾਹੀ ਦਾ ਇਕ ਜੁਟਤਾ ਨਾਲ ਤੇ ਡਟਵਾਂ ਜਵਾਬ ਦੇਵੇ।ਸਿਮਰਨਜੀਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਹਰਿਅਣਾ ਦੇ ਕਰਨਾਲ ਇਲਾਕੇ ਵਿੱਚ ਸਿੱਖਾਂ ਦੇ ਘਰਾਂ ਨੂੰ ਜਬਰੀ ਢਾਹਿਆ ਜਾ ਰਿਹਾ ਹੈ, ਸਿੱਖਾਂ ਨੂੰ ਬੇਘਰ ਕਰਕੇ ਜਲੀਲ ਨਾ ਕੀਤਾ ਜਾਵੇ, ਨਹੀ ਤਾਂ ਇਸ ਦੇ ਨਤੀਜੇ ਭਿਆਨਕ ਨਿਕਲਣਗੇ, ਉਸ ਦੀ ਜ਼ਿੰਮੇਵਾਰ ਫ਼ਿਰ ਸਰਕਾਰਾਂ ਹੋਣਗੀਆਂ।



# ਉਤਰਾਖੰਡ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਘਟਨਾ ਦੀ ਐਡਵੋਕੇਟ ਧਾਮੀ ਨੇ ਕੀਤੀ ਨਿੰਦਾ

**ਨਵੀਂ ਦਿੱਲੀ, 12 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਉਤਰਾਖੰਡ ਦੇ ਜ਼ਿਲ੍ਹਾ ਊਧਮ ਸਿੰਘ ਨਗਰ ਵਿਚ ਪੈਂਦੇ ਸਿਤਾਰਗੰਜ ਇਲਾਕੇ 'ਚ ਸਥਿਤ ਗੁਰਦੁਆਰਾ ਗੁਰੂ ਨਾਨਕ ਪੁਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀ ਵਾਪਰੀ ਘਟਨਾ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤਿੱਖਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣਾ ਸਰਕਾਰਾਂ ਦੀ ਜ਼ੁੰਮੇਵਾਰੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ ਬਾਣੀ ਸਿੱਖੀ ਜੀਵਨ ਦਾ ਅਧਾਰ ਹੈ। ਉਨ੍ਹਾਂ ਕਿਹਾ ਕਿ ਕੁਝ ਸਮਾਜ ਵਿਰੋਧੀ ਲੋਕ ਗੁਰਬਾਣੀ ਦੀ ਬੇਅਦਬੀ ਕਰਕੇ ਸਿੱਖ ਭਾਵਨਾਵਾਂ ਨੂੰ ਤਾਰ-ਤਾਰ ਕਰਨ ਦੀ ਕੋਝੀ ਹਰਕਤ ਕਰਦੇ ਹਨ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਭਾਰੀ ਸੱਟ ਵੱਜਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਜਿਥੇ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਨੂੰ ਗੁਰਦੁਆਰਾ ਸਾਹਿਬ ਵਿਖੇ ਜ਼ਰੂਰੀ ਨਿਗਰਾਨੀ ਕਰਨ ਲਈ ਆਖਿਆ, ਉਥੇ ਹੀ ਉਤਰਾਖੰਡ ਦੇ ਪੁਲਿਸ ਪ੍ਰਸ਼ਾਸਨ ਨੂੰ ਜ਼ਿਲ੍ਹਾ ਊਧਮ ਸਿੰਘ ਨਗਰ ਵਿਖੇ ਵਾਪਰੀ ਘਟਨਾ ਦੇ ਦੋਸ਼ੀਆਂ ਪਾਸੋਂ ਸਖ਼ਤੀ ਨਾਲ ਪੁਛਗਿਛ ਕਰਕੇ ਘਟਨਾ ਪਿੱਛੇ ਕੰਮ ਕਰਦੇ ਲੋਕਾਂ ਨੂੰ ਸਾਹਮਣੇ ਲਈ ਵੀ ਕਿਹਾ।



# ਹਰੇਕ ਨੂੰ ਜਿਉਣ ਲਈ ਆਕਸੀਜਨ ਦੀ ਜਰੂਰਤ ਹੁੰਦੀ ਹੈ ਜੋ ਦਰਖਤਾਂ ਤੋਂ ਮਿਲੇਗੀ ਬੂਟੇ ਲਗਾਕੇ ਉੱਤਮ ਸੇਵਾ ਚ ਹਿੱਸਾ ਪਾਉਣਾ ਚਾਹੀਦਾ ਹੈ : ਸ਼ਹਿਰੀ ਪ੍ਰਧਾਨ ਹੈਪੀ



**ਜੰਡਿਆਲਾ ਗੁਰੂ, 12 ਜੁਲਾਈ (ਕੁਲਵੰਤ ਸਿੰਘ ਵਿਰਦੀ)**-ਸਾਨੂੰ ਸਭ ਨੂੰ ਜਿਊਣ ਲਈ ਵਾਤਾਵਰਨ ਨੂੰ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਅਤੇ ਇਨਸਾਨ ਤੋਂ ਲੈਕੇ ਧਰਤੀ ਤੇ ਰਹਿਣ ਵਾਲੇ ਜੀਵ ਜੰਤੂਆਂ ਨੂੰ ਜਿਊਣ ਲਈ ਆਕਸੀਜਨ ਦੀ ਜਰੂਰਤ ਹੁੰਦੀ ਹੈ ਜੋ ਤਾਜ਼ੀ ਹਵਾ ਰਾਹੀਂ ਪ੍ਰਾਪਤ ਹੋਣੀ ਹੈ ਜਿਸ ਲਈ ਸਾਨੂੰ ਸਿਰਫ ਦਰਖਤਾਂ ਜਾਂ ਹੋਰ ਬੂਟਿਆਂ ਤੋਂ ਪ੍ਰਾਪਤ ਹੋਵੇਗੀ ਉਕਤ ਸਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਭੁਪਿੰਦਰ ਸਿੰਘ ਹੈਪੀ ਸ਼ਹਿਰੀ ਪ੍ਰਧਾਨ ਕਾਂਗਰਸ ਕਮੇਟੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਹਰੇ ਭਰੇ ਬੂਟਿਆਂ ਨੂੰ ਲਗਾਉਣ ਦੀ ਸੇਵਾ ਕਰਨੀ ਚਾਹੀਦੀ ਹੈ ਤਾਂ ਜ਼ੋ ਅਸੀ ਅਤਿ ਦੀ ਗਰਮੀ ਤੋਂ ਛੁਟਕਾਰਾ ਪਾ ਸਕੀਏ। ਇਸ ਦੌਰਾਨ ਸ਼ਹਿਰੀ ਪ੍ਰਧਾਨ ਹੈਪੀ ਵੱਲੋਂ ਮੁਹੱਲਾ ਜੋਤੀਸਰ ਵਿਖੇ ਦਰਜਨਾਂ ਬੂਟੇ ਲਗਾਕੇ ਸੇਵਾ ਕੀਤੀ ਗਈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਰਿੰਕੂ ਢੋਟ, ਨਿਰਮਲ ਸਿੰਘ, ਗੋਲਡੀ ਪ੍ਰਧਾਨ , ਰਣਜੀਤ ਸਿੰਘ, ਬਿੱਟਾ ਜੋਤੀਸਰ ਆਦਿ ਮੌਜੂਦ ਸਨ ।

# ਬਰਤਨ ਯੂਨੀਅਨ ਦੀ ਹੋਈ ਮੀਟਿੰਗ ਚ ਰੀਸ਼ੂ ਜੈਨ ਨੂੰ ਸਰਬਸੰਮਤੀ ਨਾਲ ਖਜਾਨਚੀ ਨਿਯੁਕਤ ਕੀਤਾ ਗਿਆ



ਜੰਡਿਆਲਾ ਗੁਰੂ 12 ਜੁਲਾਈ ( ਕੁਲਵੰਤ ਸਿੰਘ ਵਿਰਦੀ) ਬੀਤੇ ਕੱਲ੍ਹ ਬਰਤਨ ਬਾਜ਼ਾਰ ਯੂਨੀਅਨ ਦੀ ਮੀਟਿੰਗ ਸਥਾਨਕ ਹੋਟਲ ਵਿੱਚ ਹੋਈ । ਜਿਸ ਵਿੱਚ ਸਭ ਤੋਂ ਪਹਿਲਾਂ ਸਵ: ਕੁਲਦੀਪ ਵਿਗ ਉਰਫ ਮੁਨੀਮ ਜੀ ਜੋ ਕਿ ਯੂਨੀਅਨ ਦੇ ਮੁੱਖ ਖਜਾਨਚੀ ਸਨ ਅਤੇ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਇਸ ਫਾਨੀ ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਕਿ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਸਵ: ਕੁਲਦੀਪ ਵਿਗ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਅਤੇ ਇਸੇ ਦੌਰਾਨ ਨਵੇਂ ਖਜਾਨਚੀ ਦੀ ਚੋਣ ਲਈ ਜਨਰਲ ਸਕੱਤਰ ਅਸ਼ਵਨੀ ਕੁਮਾਰ ਵਲੋ ਰੀਸ਼ੂ ਜੈਨ ਦਾ ਨਾਮ ਪੇਸ਼ ਕੀਤਾ ਗਿਆ ਜਿਸਨੂੰ ਸਰਬਸੰਮਤੀ ਨਾਲ ਪਰਵਾਨ ਕੀਤਾ ਗਿਆ । ਰੀਸ਼ੂ ਜੈਨ ਨੇ ਕਿਹਾ ਕਿ ਉਹ ਯੂਨੀਅਨ ਵੱਲੋਂ ਦਿੱਤੀ ਗਈ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਸਮੇਤ ਸਾਰੇ ਮੈਂਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243